Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to$90,000 in government bonds & grants.
Contact :
647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 20* Issue 197 | Thursday, October 07, 2021 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

# ਵੋਟਾਂ ਦੀ ਦੁਬਾਰਾ ਗਿਣਤੀ ਤੋਂ ਬਾਅਦ ਲਿਬਰਲਾਂ ਕੋਲ ਹੋਈਆਂ 160 ਸੀਟਾਂ

## ਕਿਊਬਿਕ ਦੀ ਇੱਕ ਹੋਰ ਸੀਟ ਲਿਬਰਲਾਂ ਨੇ ਜਿੱਤੀ

ਓਟਵਾ, 6 ਅਕਤੂਬਰ (ਪੋਸਟ ਬਿਊਰੋ) : ਜਿਊਡੀਸ਼ੀਅਲ ਕਾਊਂਟ ਤੋਂ ਬਾਅਦ ਫੈਡਰਲ ਲਿਬਰਲਾਂ ਨੂੰ ਇੱਕ ਹੋਰ ਸੀਟ ਹਾਸਲ ਹੋ ਗਈ ਹੈ। ਚੈਟੂਗੁਏ-ਲੈਕੋਲ ਹਲਕੇ ਵਿੱਚ ਆਪਣੇ



ਬਲਾਕ ਕਿਊਬਿਕੁਆ ਵਿਰੋਧੀ ਨੂੰ ਸਿਰਫ 12 ਵੋਟਾਂ ਨਾਲ ਹਰਾ ਕੇ ਬ੍ਰੈਂਡਾ ਸ਼ੈਨਾਹਨ ਇੱਕ ਵਾਰੀ ਫਿਰ ਪਾਰਲੀਆਮੈਂਟ ਪਰਤ ਰਹੀ ਹੈ। ਇਸ ਸੀਟ ਲਈ ਪਈਆਂ ਵੋਟਾਂ ਦੀ ਗਿਣਤੀ ਦੁਬਾਰਾ ਕੀਤੀ ਗਈ ਹੈ। ਇਸ ਨਾਲ 20 ਸਤੰਬਰ ਨੂੰ ਹੋਈਆਂ ਚੋਣਾਂ ਦੇ ਸਬੰਧ ਵਿੱਚ ਮੁੱਢਲੇ ਨਤੀਜਿਆਂ ਤੋਂ ਉਲਟ ਨਤੀਜੇ ਹਾਸਲ ਹੋਏ ਹਨ। ਉਸ ਸਮੇਂ ਸ਼ੈਨਹਾਨ ਨੂੰ ਆਪਣੇ ਵਿਰੋਧੀ ਬਲਾਕ ਦੇ ਪੈਟ੍ਰਿਕ ਓਹਾਰਾ ਤੋਂ 286 ਵੋਟਾਂ ਨਾਲ ਹਾਰਦਾ ਦਰਸਾਇਆ ਗਿਆ ਸੀ। ...ਬਾਕੀ ਪੰਨਾ 5 'ਤੇ

# ਟਰੁੱਥ ਤੇ ਰੀਕੌਂਸੀਲਿਏਸ਼ਨ ਡੇਅ 'ਤੇ ਟ੍ਰਿਪ 'ਤੇ ਜਾਣ ਬਾਬਤ ਟਰੂਡੋ ਨੇ ਮੰਗੀ ਮੁਆਫੀ

ਓਟਵਾ, 6 ਅਕਤੂਬਰ (ਪੋਸਟ ਬਿਊਰੋ) : ਪਹਿਲੇ ਨੈਸ਼ਨਲ ਡੇਅ ਫੌਰ ਟਰੁੱਥ ਐਂਡ ਰੀਕੌਂਸੀਲਿਏਸ਼ਨ ਮੌਕੇ ਪਰਿਵਾਰ ਸਮੇਤ ਟੌਫੀਨੋ ਛੁੱਟੀਆ ਮਨਾਉਣ ਦੇ ਸਬੰਧ ਵਿੱਚ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਜਨਤਕ ਤੌਰ ਉੱਤੇ ਮੁਆਫੀ ਮੰਗੀ ਗਈ ਹੈ।

ਬੁੱਧਵਾਰ ਨੂੰ ਟਰੂਡੋ ਨੇ ਆਖਿਆ ਕਿ ਉਨ੍ਹਾਂ ਨੂੰ ਇਸ ਗੱਲ ਦਾ ਪਛਤਾਵਾ ਹੈ ਕਿ ਉਨ੍ਹਾਂ 30 ਸਤੰਬਰ ਨੂੰ ਟਰੈਵਲ ਕਰਨ ਦਾ ਫੈਸਲਾ ਕੀਤਾ। ਉਨ੍ਹਾਂ ਆਖਿਆ ਕਿ ਕੈਨੇਡਾ ਤੇ ਕੈਨੇਡੀਅਨਜ਼



ਲਈ ਇਹ ਦਿਨ ਖਾਸ ਅਹਿਮੀਅਤ ਵਾਲਾ ਹੈ। ਇਸ ਵਿੱਚ ਸਿਰਫ ਅਤੀਤ ਦੀ ਹੀ ਨਹੀਂ ਸਗੋਂ ਵਰਤਮਾਨ ਦੀ ਵੀ ਝਲਕ ਮਿਲਦੀ ਹੈ। ਪਰ ਉਸ ਦਿਨ ਸਫਰ ਕਰਨ ਦਾ ਫੈਸਲਾ ਕਰਨਾ ਬੱਜਰ ਗਲਤੀ ਸੀ। ਉਨ੍ਹਾਂ ਸਿੱਧੇ ਤੌਰ ਉੱਤੇ ਚੀਫ (ਰੋਜ਼ੇਨ) ਕੈਸੀਮੀਰ ਤੋਂ ਵੀ ਮੁਆਫੀ ਮੰਗੀ ਜਿਨ੍ਹਾਂ ਨੇ ਉਨ੍ਹਾਂ ਨੂੰ ਇੱਕ ਈਵੈਂਟ ਉੱਤੇ ਸੱਦਿਆ ਸੀ ਪਰ ਉਹ ਉੱਥੇ ਨਹੀਂ ਪਹੁੰਚੇ।

ਫਰਸਟ ਨੇਸ਼ਨ ਦੇ ਪਹਿਲੇ ਦੋ ਸੱਦਿਆਂ ਦਾ ਜਵਾਬ ਨਾ ਦੇਣ ਬਾਰੇ ਪ੍ਰਧਾਨ ਮੰਤਰੀ ਨੇ ਸਿੱਧੇ ਤੌਰ ਉੱਤੇ ਕੈਮਲੂਪਜ਼ ਤੇ ਸੈਕਵੇਪੈਮਕ ਤੋਂ ਵੀ ਮੁਆਫੀ ਮੰਗੀ। ਟਰੂਡੋ ਨੇ ਆਖਿਆ ਕਿ ਅਜੇ ਬਹੁਤ ਸਾਰਾ ਕੰਮ ਕਰਨਾ ਬਾਕੀ ਪਿਆ ਹੈ ਤੇ ਉਹ ਇਸ ਕੰਮ ਨੂੰ ਪੂਰਾ ਕਰਨ ਲਈ ਵਚਨਬੱਧ ਹਨ।

# ਇਸ ਵਾਰੀ ਐਨਡੀਪੀ ਪਾਰਲੀਆਮੈਂਟ ਵਿੱਚ ਉਠਾਵੇਗੀ ਮੂਲਵਾਸੀਆਂ ਨਾਲ ਜੁੜੇ ਮੁੱਦੇ

ਓਟਵਾ, 6 ਅਕਤੂਬਰ (ਪੋਸਟ ਬਿਊਰੋ) : ਐਨਡੀਪੀ ਕਾਕਸ ਦੀ ਹੋਣ ਜਾ ਰਹੀ ਮੀਟਿੰਗ ਵਿੱਚ ਉਨ੍ਹਾਂ ਦੇ ਆਗੂ ਜਗਮੀਤ ਸਿੰਘ ਵੱਲੋਂ ਮੂਲਵਾਸੀ ਲੋਕਾਂ ਦੇ ਹੱਕਾਂ ਦੀ ਪੈਰਵੀ ਕਰਨ ਲਈ ਆਪਣੇ ਮੈਂਬਰਾਂ ਨੂੰ ਤਿਆਰ ਕੀਤਾ ਜਾਵੇਗਾ। ਇਹ ਵੀ ਕਨਸੋਆਂ ਹਨ ਕਿ ਜਗਮੀਤ ਸਿੰਘ ਪੀਣ ਵਾਲੇ ਸਾਫ ਪਾਣੀ ਸਮੇਤ ਮੂਲਵਾਸੀ ਲੋਕਾਂ ਨਾਲ ਜੁੜੇ ਹੋਰਨਾਂ ਮਾਮਲਿਆਂ ਨੂੰ ਇਸ ਪਾਰਲੀਆਮੈਂਟ ਵਿੱਚ ਤਰਜੀਹੀ ਤੌਰ ਉੱਤੇ ਉਠਾਉਣਗੇ।

ਚੋਣਾਂ ਤੋਂ ਬਾਅਦ ਨਿਊ ਡੈਮੋਕ੍ਰੈਟ ਐਮਪੀਜ਼ ਦੀ ਪਹਿਲੀ ਮੀਟਿੰਗ ਬੁੱਧਵਾਰ ਦੁਪਹਿਰ ਨੂੰ ਓਟਵਾ ਵਿੱਚ ਹੋਣ ਦੀ ਸੰਭਾਵਨਾ ਹੈ। ਇਸ ਕਾਕਸ ਮੀਟਿੰਗ ਵਿੱਚ ਪੰਜ ਨਵੇਂ ਐਮਪੀਜ਼ ਦੀ ਜਾਣ-ਪਛਾਣ ਕਰਵਾਈ ਜਾਵੇਗੀ। ਇਨ੍ਹਾਂ ਵਿੱਚ ਮੈਟਿਸ ਆਗੂ ਬਲੇਕ ਡੈਸਜ਼ਾਰਲਾਇਸ ਵੀ ਸ਼ਾਮਲ ਹੋਣਗੇ, ਜਿਨ੍ਹਾਂ ਨੇ ਐਡਮੰਟਨ ਗ੍ਰੇਅਸਬੈਕ ਤੋਂ ਟੋਰੀ ਐਮਪੀ ਨੂੰ ਹਰਾਇਆ। ਇਸ ਵਾਰੀ ਪਿਛਲੀ ਵਾਰੀ ਦੇ ਮੁਕਾਬਲੇ ਐਨਡੀਪੀ ਦੇ 25 ਐਮਪੀਜ਼ ਵਿਧਾਨਸਭਾ ਜਾਣਗੇ। ਪਹਿਲਾਂ ਨਾਲੋਂ ਇੱਕ ਵੱਧ।

ਪਰ ਜਗਮੀਤ ਸਿੰਘ ਤੋਂ ਕਾਕਸ



ਦੇ ਕੁੱਝ ਐਮਪੀਜ਼ ਵੱਲੋਂ ਇਸ ਤਰ੍ਹਾਂ ਦੇ ਸਵਾਲ ਪੁੱਛੇ ਜਾ ਸਕਦੇ ਹਨ ਕਿ ਚੋਣ ਕੈਂਪੇਨ ਉੱਤੇ 25 ਮਿਲੀਅਨ ਡਾਲਰ ਖਰਚਣ ਵਾਲੀ ਐਨਡੀਪੀ ਕੈਨੇਡਾ ਭਰ ਵਿੱਚ ਬਿਹਤਰੀਨ ਕਾਰਗੁਜ਼ਾਰੀ ਕਿਉਂ ਨਹੀਂ ਵਿਖਾ ਸਕੀ। ਜਗਮੀਤ ਸਿੰਘ ਦੀ ਹਰਮਨਪਿਆਰਤਾ ਦੀ ਰੇਟਿੰਗ ਦੇ ਗ੍ਰਾਫ ਨੂੰ ਜੇ ਵੇਖਿਆ ਜਾਵੇ ਤਾਂ ਗ੍ਰੇਟਰ ਟੋਰਾਂਟੋ ਏਰੀਆ ਤੇ ਕਿਊਬਿਕ ਵਿੱਚ ਉਨ੍ਹਾਂ ਦੀ ਪਕੜ ਹੋਰ ਮਜ਼ਬੂਤ ਹੋਣੀ ਚਾਹੀਦੀ ਸੀ ਪਰ ਅਜਿਹਾ ਨਹੀਂ ਹੋ ਸਕਿਆ।

ਐਨਡੀਪੀ ਵੱਲੋਂ ਇਹ ਪਤਾ ਲਾਉਣ ਲਈ ਮੁਲਾਂਕਣ ਕੀਤਾ ਜਾਵੇਗਾ ਕਿ ਆਖਿਰ ਉਨ੍ਹਾਂ ਦੀ ਕੈਂਪੇਨ ਵਿੱਚ ਕਮੀਆਂ ਕਿੱਥੇ ਰਹਿ ਗਈਆਂ। ਪਰ ਐਨਡੀਪੀ ਮਾਹਿਰਾਂ ਦਾ ਕਹਿਣਾ ਹੈ ਕਿ ਅੰਦਰਖਾਤੇ ਪਾਰਟੀ ਦੀ ਮਾੜੀ ਕਾਰਗੁਜ਼ਾਰੀ ਦੀਆਂ ਉੱਠ ਰਹੀਆਂ ਸੁਰਾਂ ਦੇ ਬਾਵਜੂਦ ਜਗਮੀਤ ਸਿੰਘ ਦੀ ਲੀਡਰਸ਼ਿਪ ਨੂੰ ਕਿਸੇ ਚੁਣੌਤੀ ਦਾ ਸਾਹਮਣਾ ਨਹੀਂ ਕਰਨਾ ਹੋਵੇਗਾ।

# ਇੰਡੋਰ ਯੂਥ ਸਪੋਰਟਸ ਲਈ ਕੁੱਝ ਹੈਲਥ ਯੂਨਿਟਸ ਨੇ ਸਖ਼ਤ ਕੀਤੇ ਇਮਿਊਨਾਈਜ਼ੇਸ਼ਨ ਨਿਯਮ

ਓਨਟਾਰੀਓ, 6 ਅਕਤੂਬਰ (ਪੋਸਟ ਬਿਊਰੋ) : ਕੁੱਝ ਓਨਟਾਰੀਓ ਹੈਲਥ ਯੂਨਿਟਸ ਯੂਥ ਸਪੋਰਟਸ ਲਈ ਪ੍ਰੋਵਿੰਸ ਨਾਲੋਂ ਵੀ ਸਖ਼ਤ ਕੋਵਿਡ-19 ਨਿਯਮ ਅਪਣਾਅ ਰਹੇ ਹਨ।

ਪ੍ਰੋਵਿੰਸ ਦੀ ਵੈਕਸੀਨੇਸ਼ਨ ਦੇ ਸਬੂਤ ਵਾਲੀ ਪਾਲਿਸੀ, ਜਿਹੜੀ ਜਿੰਮਜ਼ ਤੇ ਹਰ ਇੰਡੋਰ ਫੈਸਿਲਿਟੀਜ਼ ਉੱਤੇ ਵੀ ਲਾਗੂ ਹੈ, ਤੋਂ 18 ਸਾਲ ਤੋਂ ਘੱਟ ਉਮਰ ਦੇ ਉਨ੍ਹਾਂ ਲੋਕਾਂ ਨੂੰ ਛੋਟ ਦਿੱਤੀ ਜਾ ਰਹੀ ਹੈ ਜੋ ਆਰਗੇਨਾਈਜ਼ਡ ਸਪੋਰਟਸ ਵਿੱਚ ਹਿੱਸਾ ਲੈਣ ਲਈ



ਇਨ੍ਹਾਂ ਫੈਸਿਲਿਟੀਜ਼ ਵਿੱਚ ਦਾਖਲ ਹਨ।

ਪਰ ਵਿੰਡਸਰ ਐਸੈਕਸ ਕਾਊਂਟੀ ਤੇ ਯੌਰਕ ਰੀਜਨ ਨੂੰ ਕਵਰ ਕਰਨ ਵਾਲੀਆਂ ਹੈਲਥ ਯੂਨਿਟਸ ਵੱਲੋਂ ਇਸ ਛੋਟ ਨੂੰ ਖਤਮ ਕਰ ਦਿੱਤਾ ਗਿਆ ਹੈ। ਇਨ੍ਹਾਂ ਯੂਨਿਟਸ ਦਾ ਕਹਿਣਾ ਹੈ ਕਿ ਜ਼ੋਰ ਨਾਲ ਸਾਹ ਲੈਣ, ਨੇੜੇ ਤੇ ਲੰਮੇਂ ਸਮੇਂ ਤੱਕ ਰਹਿਣ ਵਾਲੇ ਕਾਂਟੈਕਟ ਤੇ ਸਪੋਰਟਸ ਦੌਰਾਨ ਭੀੜ ਭਾੜ ਵਾਲੀਆਂ ਇੰਡੋਰ ਥਾਂਵਾਂ ਦੌਰਾਨ ਕੋਵਿਡ-19 ਹੋਣ ਦਾ ਡਰ ਵੱਧ ਜਾਂਦਾ ਹੈ। ...ਬਾਕੀ ਪੰਨਾ 4 'ਤੇ

# ਤੇਲ ਦੀਆਂ ਕੀਮਤਾਂ ਵਿੱਚ ਹੋ ਸਕਦਾ ਹੈ ਵਾਧਾ

ਐਡਮੰਟਨ, 6 ਅਕਤੂਬਰ (ਪੋਸਟ ਬਿਊਰੋ) : ਸੱਤ ਸਾਲਾਂ ਵਿੱਚ ਤੇਲ ਦੀਆਂ ਕੀਮਤਾਂ ਸੱਭ ਤੋਂ ਉੱਤੇ ਪਹੁੰਚ ਚੁੱਕੀਆਂ ਹਨ। ਵਿਸ਼ਲੇਸ਼ਕਾਂ ਦਾ ਕਹਿਣਾ ਹੈ ਕਿ ਇਸ ਹਫਤੇ ਕੈਨੇਡੀਅਨਜ਼ ਨੂੰ ਤੇਲ ਦੀਆਂ ਕੀਮਤਾਂ ਵਿੱਚ ਹੋਰ ਵਾਧੇ ਲਈ ਤਿਆਰ ਰਹਿਣਾ ਚਾਹੀਦਾ ਹੈ। ਅਜਿਹਾ ਇਸ ਲਈ ਹੋਣ ਦੀ ਸੰਭਾਵਨਾ ਹੈ ਕਿਉਂਕਿ ਮਹਾਂਮਾਰੀ ਤੋਂ ਬਾਅਦ ਅਰਥਚਾਰੇ ਵਿੱਚ ਸੁਧਾਰ ਹੋਣਾ ਸ਼ੁਰੂ ਹੋਇਆ ਹੈ। ...ਬਾਕੀ ਪੰਨਾ 4 'ਤੇ

Best Insurance Rates
Life Auto Home Business
ਕਾਰ ਅਤੇ ਘਰ ਦੀ ਇੰਸ਼ੋਰੈਂਸ ਲਈ ਘੱਟ ਰੇਟ
Discounts upto 35% on Auto & Home
Dir: 647-400-2949
Amanpreet S. Batth R.I.B.O
Aaxel Insurance Brokers Ltd.
1550 South Gateway Rd. Suite 220 Mississauga, ON L4W 5G6

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
Home | Auto
Business | Trucking
Life Insurance | Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Aaxel InsuranceBrokers Ltd. | 1332 Khalsa Dr, Unit # 11, Mississauga, ON L5S 0A2

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

KELLEY LAW OFFICE
Immigration | Real Estate
Family Law | Business Closing
Corporate | Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮਾ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ।
1200 Derry Road E, #15, Mississauga, ON L5T 0B3
Shinder Kelley
905-362-0755

Royal Pest Control
Residential | Commercial | Industrial
Specialist in Bedbugs Service
All Pest Control :
Mouse & Rats | Spiders & Fleas | Bedbugs | Wasps
Cockroaches | Carpenter Ants | Silver Fish | Racoons
Call : PARESH PATEL
416 938 4598

YES! Immigration
Yes we can...
Locations: Woodbridge, Mississauga, Scarborough
Celebrating 16 Years
16 ਸਾਲਾਂ ਤੋਂ ਤੁਹਾਡੀ ਸੇਵਾ ਵਿਚ
ਇੰਮਿਗਰੇਸ਼ਨ ਸੇਵਾਵਾਂ 10-20% Discount
ICCRC | Raj Narang | Ritu Narang
ਕੈਨੇਡਾ ਦੇ ਵੀਜ਼ਾ ਵਾਸਤੇ ਅੱਜ ਹੀ ਸੰਪਰਕ ਕਰੋ:
(416)740-6969
(647)616-1020

SUPER VISA INSURANCE EXPERTS
Punjab Insurance Inc
Super Visa Monthly plans available
7003 Steeles Ave. W, Unit 10 Etobicoke, ON, M9W 0A2
gill@punjabinsurance.ca
416-724-5000
RANJIT GILL Insurance Advisor
Disability Insurance
Mortgage Insurance
Life Insurance
Visitor Insurance
Travel Insurance
RESP(Education Plan)
Critical Illness Insurance

Dubai Jewellers
Gift Prize with Every Purchase
* Repair at no extra cost
* Appraisal Certificate
* Buy, Sell, Trade
Tuesday to Sunday (12-8) (Monday Closed)
Dubai Jewellers
Raj & Gulshan
Mob: 416-465-1200
ਨਵੇਂ ਬਣੇ ਪਲਾਜ਼ਾ ਦੇ ਵਿਚ
2700 Northpark Drive Unit #19, Brampton Ontario L6S 0E9
North Park & Airport Major Intersection
www.dubaijewellers.ca
info@dubaijewellers.ca

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre | Avon Financial
Cell: 416-841-4218 Tel: 905-216-5563
Harpreet Singh Goraya Principal Broker
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com


PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

CN Forklift Training Center
Counterbalance | Walkie pallet | Electric Motor | Cherry Order Picker
Licence $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

ਵਰਕਰਾਂ ਦੀ ਲੋੜ
ਘਾਹ ਕੱਟਣ ਲਈ ਅਤੇ ਕੰਸਟ੍ਰਕਸ਼ਨ ਦੇ ਫੁੱਲ ਟਾਈਮ ਕੰਮ ਲਈ ਜਨਰਲ ਲੇਬਰ ਦੀ ਲੋੜ ਹੈ। ਕੰਮ ਉਤੇ ਲੈ ਕੇ ਆਉਣ ਅਤੇ ਲਿਜਾਣ ਦੀ ਸੁਵਿਧਾ। ਬਿਨੈਕਾਰ ਸਰੀਰਕ ਤੌਰ ਉਤੇ ਫਿਟ ਅਤੇ 50 ਐਲ.ਬੀ.ਐਸ. ਵਜ਼ਨ ਚੁੱਕਣ ਦੇ ਯੋਗ ਹੋਣਾ ਚਾਹੀਦਾ ਹੈ।
ਸੰਪਰਕ ਅਮਿਤ: 647-784-1213

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca


NOW HIRING
U.S. CROSS BORDER SINGLES & TEAMS AND CANADIAN TEAMS
US Singles $0.64/mile
US Teams $0.66/mile
Canadian teams $0.62/mile
LIGHT SPEED Logistics Inc.
OUR FAMILY WELCOMES YOU
U.S. Singles – Dedicated Truck
Desirable Lanes to the U.S.
U.S. Teams – New Dedicated Truck
Canadian Teams – New Dedicated Truck
Comprehensive Company Benefits
Flexible Work Schedule
LIGHT SPEED HAS YOU COVERED
Steve Hunt O 905.696.0700 x7224 C 905.229.9011 E shunt@lslinc.com
6015 Kestrel Road, Mississauga, ONTARIO L5T 1S8
www.lslinc.com


NATION-WIDE TALK, TEXT & DATA PLAN
4.5GB
$40/mo.
chatr AUTHORIZED DEALER
379 Main St. North, Brampton | 905-451-0379
2456 Lake shore Blvd West, Etobicoke | 416-259-3654
Offer subject to change without notice. Get 4.5GB at 3G speed. Once you reach your 3G speed data allotment, your data speed will be reduced until your next anniversary date. Taxes extra. ™ Trademarks used under license ©2021

# ਪਬਲਿਕ ਸਰਵੈਂਟਸ, ਡੋਮੈਸਟਿਕ ਟਰੈਵਲਰਜ਼ ਲਈ ਫੈਡਰਲ ਸਰਕਾਰ ਨੇ ਵੈਕਸੀਨੇਸ਼ਨ ਕੀਤੀ ਲਾਜ਼ਮੀ

ਓਟਵਾ, 14 ਅਕਤੂਬਰ (ਪੋਸਟ ਬਿਊਰੋ) : ਫੈਡਰਲ ਸਰਕਾਰ ਵੱਲੋਂ ਅੱਜ ਇਹ ਐਲਾਨ ਕੀਤਾ ਗਿਆ ਹੈ ਕਿ ਫੈਡਰਲ ਪਬਲਿਕ ਸਰਵੈਂਟਸ ਨੂੰ ਕੋਵਿਡ-19 ਖਿਲਾਫ 29 ਅਕਤੂਬਰ ਤੱਕ ਪੂਰਾ ਟੀਕਾਕਰਣ ਕਰਵਾ ਕੇ ਉਸ ਦਾ ਸਬੂਤ ਦੇਣਾ ਹੋਵੇਗਾ। ਅਜਿਹਾ ਨਾ ਕਰਨ ਵਾਲਿਆਂ ਨੂੰ 15 ਨਵੰਬਰ ਤੱਕ ਬਿਨਾਂ ਤਨਖਾਹ ਦੇ ਛੁੱਟੀ ਉੱਤੇ ਭੇਜ ਦਿੱਤਾ ਜਾਵੇਗਾ। ਕੈਨੇਡਾ ਵਿੱਚ ਕਿਸੇ ਨੂੰ ਵੀ ਜਹਾਜ਼ ਜਾਂ ਟਰੇਨ ਵਿੱਚ ਸਵਾਰ ਹੋਣ ਤੋਂ ਪਹਿਲਾਂ 30 ਅਕਤੂਬਰ ਤੱਕ ਆਪਣੇ ਪੂਰੀ ਤਰ੍ਹਾਂ ਵੈਕਸੀਨੇਟ ਹੋਣ ਦਾ ਸਬੂਤ ਦੇਣਾ ਹੋਵੇਗਾ। ਇਸ ਮਾਮਲੇ ਵਿੱਚ ਕਿਸੇ ਟਾਂਵੇਂ ਟੱਲੇ ਨੂੰ ਹੀ ਛੋਟ ਮਿਲੇਗੀ।

ਪ੍ਰਧਾਨ ਮੰਤਰੀ ਜਸਟਿਨ ਟਰੂਡੋ ਤੇ ਡਿਪਟੀ ਪ੍ਰਧਾਨ ਮੰਤਰੀ ਕ੍ਰਿਸਟੀਆ ਫਰੀਲੈਂਡ ਨੇ ਬੁੱਧਵਾਰ ਨੂੰ ਇਨ੍ਹਾਂ ਨਿਯਮਾਂ ਦੀ ਤਫਸੀਲ ਨਾਲ ਜਾਣਕਾਰੀ ਦਿੱਤੀ। ਟਰੂਡੋ ਨੇ ਆਖਿਆ ਕਿ ਅਜਿਹਾ ਲੋਕਾਂ ਨੂੰ ਕੰਮ ਉੱਤੇ ਤੇ ਸਾਡੀਆਂ ਕਮਿਊਨਿਟੀਜ਼ ਵਿੱਚ ਸੇਫ ਰੱਖਣ ਲਈ ਕੀਤਾ ਜਾ ਰਿਹਾ ਹੈ। ਜੇ ਤੁਸੀਂ ਸਹੀ ਕੰਮ ਕੀਤਾ ਹੈ ਤੇ ਵੈਕਸੀਨੇਸ਼ਨ ਲਵਾਈ ਹੈ ਤਾਂ ਤੁਹਾਨੂੰ ਕੋਵਿਡ-19 ਤੋਂ ਸੇਫ ਰਹਿ ਕੇ ਆਜ਼ਾਦੀ ਮਾਨਣ ਦਾ ਪੂਰਾ ਹੱਕ ਹੈ, ਆਪਣੇ ਬੱਚਿਆਂ ਨੂੰ ਕੋਵਿਡ-19 ਤੋਂ ਸੇਫ ਰੱਖਣ ਤੇ ਜਿਹੜੀਆਂ ਚੀਜ਼ਾਂ ਨੂੰ ਤੁਸੀਂ



ਪਿਆਰ ਕਰਦੇ ਹੋਂ ਉਨ੍ਹਾਂ ਨੂੰ ਮੁੜ ਹਾਸਲ ਕਰਨ ਦਾ ਪੂਰਾ ਹੱਕ ਹੈ।

ਅੰਦਾਜ਼ਨ 267,000 ਫੈਡਰਲ ਵਰਕਰਜ਼, ਜਿਹੜੇ ਇਸ ਪਾਲਿਸੀ ਤਹਿਤ ਆਉਂਦੇ ਹਨ, ਇਹ ਨਿਯਮ ਉਨ੍ਹਾਂ ਸਾਰੇ ਇੰਪਲੌਈਜ਼ ਉੱਤੇ ਲਾਗੂ ਹੋਵੇਗਾ ਫਿਰ ਭਾਵੇਂ ਉਹ ਦੂਰ ਦਰਾਜ਼ ਤੋਂ ਕੰਮ ਕਰ ਰਹੇ ਹਨ ਜਾਂ ਆਫਿਸ ਤੋਂ ਕੰਮ ਕਰ ਰਹੇ ਹਨ ਤੇ ਜਾਂ ਫਿਰ ਕੈਨੇਡਾ ਤੋਂ ਬਾਹਰ ਕਿਤੇ ਕੰਮ ਕਰਦੇ ਹਨ। ਇਹ ਪਲੈਨ ਉਨ੍ਹਾਂ ਦਰਮਿਆਨ ਫਰਕ ਕਰੇਗਾ ਜਿਹੜੇ ਪੂਰੀ ਤਰ੍ਹਾਂ ਵੈਕਸੀਨੇਸ਼ਨ ਕਰਵਾਉਣ ਤੋਂ ਅਸਮਰੱਥ ਹਨ ਤੇ ਜਿਹੜੇ ਵੈਕਸੀਨੇਸ਼ਨ ਕਰਵਾਉਣਾ ਹੀ ਨਹੀਂ ਚਾਹੁੰਦੇ।

ਮੈਡੀਕਲ ਕਾਰਨ ਤੇ ਧਾਰਮਿਕ ਕਾਰਨ ਕਰਕੇ ਛੋਟ ਦਿੱਤੀ ਜਾਵੇਗੀ। ਪਰ ਇਹ ਕਿਸੇ ਖਾਸ ਮਾਪਕਾਂ ਦੇ ਆਧਾਰ ਉੱਤੇ ਹੀ ਦਿੱਤੀ ਜਾਵੇਗੀ। ਇਹ ਨਿਯਮ ਕੰਮ ਨਾਲ ਸਬੰਧਤ ਮਾਪਦੰਡ ਅੰਸ਼ਕ ਤੌਰ ਉੱਤੇ ਵੈਕਸੀਨੇਸ਼ਨ ਕਰਵਾ ਚੁੱਕੇ ਵਰਕਰਜ਼ ਉੱਤੇ ਵੀ ਲਾਗੂ ਹੋਵੇਗਾ। ਉਨ੍ਹਾਂ ਕੋਲ 10 ਹਫਤਿਆਂ ਦਾ ਸਮਾਂ ਹੋਵੇਗਾ ਆਪਣੀ ਦੂਜੀ ਡੋਜ਼ ਲਵਾਉਣ ਲਈ ਨਹੀਂ ਤਾਂ ਉਨ੍ਹਾਂ ਨੂੰ ਵੀ ਬਿਨਾਂ ਤਨਖਾਹ ਛੁੱਟੀ ਉੱਤੇ ਭੇਜ ਦਿੱਤਾ ਜਾਵੇਗਾ।

ਇਹ ਲਾਜ਼ਮੀ ਵੈਕਸੀਨੇਸ਼ਨ ਪਾਲਿਸੀ ਆਰਸੀਐਮਪੀ, ਫੁੱਲ ਟਾਈਮ ਇੰਪਲੌਈਜ਼, ਕੈਯੂਅਲ ਵਰਕਰਜ਼, ਵਿਦਿਆਰਥੀਆਂ, ਫੈਡਰਲ ਡਿਪਾਰਟਮੈਂਟਸ ਲਈ ਵਾਲੰਟੀਅਰ, ਏਜੰਸੀਜ਼ ਤੇ ਆਫਿਸਿਜ਼ ਜਿਵੇਂ ਕਿ ਡਿਪਾਰਟਮੈਂਟ ਆਫ ਹੈਲਥ, ਵੈਟਰਨਜ਼ ਅਫੇਅਰਜ਼ ਕੈਨੇਡਾ, ਸਰਵਿਸ ਕੈਨੇਡਾ, ਪਬਲਿਕ ਹੈਲਥ ਏਜੰਸੀ ਆਫ ਕੈਨੇਡਾ, ਕੋਰੈਕਸ਼ਨਲ ਸਰਵਿਸ ਆਫ ਕੈਨੇਡਾ ਤੇ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ ਦੇ ਮੁਲਾਜ਼ਮਾਂ ਉੱਤੇ ਲਾਗੂ ਹੋਵੇਗੀ। ਫਰੀਲੈਂਡ ਨੇ ਆਖਿਆ ਕਿ ਇਹ ਨਵੇਂ ਨਿਯਮ ਕੈਨੇਡੀਅਨ ਆਰਮਡ ਫੋਰਸਿਜ਼ ਦੇ ਮੈਂਬਰਾਂ ਉੱਤੇ ਲਾਗੂ ਨਹੀਂ ਹੋਣਗੇ। ਉਨ੍ਹਾਂ ਇਹ ਵੀ ਆਖਿਆ ਕਿ ਚੀਫ ਆਫ ਡਿਫੈਂਸ ਸਟਾਫ ਆਪਣੇ ਮਾਪਦੰਡਾਂ ਦੇ ਹਿਸਾਬ ਨਾਲ ਵੈਕਸੀਨੇਸ਼ਨ ਨੂੰ ਆਪਣੇ ਮੈਂਬਰਾਂ ਲਈ ਲਾਜ਼ਮੀ ਕਰੇਗਾ। ਫੈਡਰਲ ਵਰਕਰਜ਼, ਇੰਪਲੌਈਜ਼ ਤੇ ਫੈਡਰਲ ਪੱਧਰ ਉੱਤੇ ਨਿਯੰਤਰਿਤ ਏਅਰ, ਰੇਲ ਤੇ ਮਰੀਨ ਟਰਾਂਸਪੋਰਟੇਸ਼ਨ ਸੈਕਟਰਜ਼ ਦੇ ਇੰਪਲੌਈਜ਼ ਤੇ ਯਾਤਰੀਆਂ ਨੂੰ ਵੀ 30 ਅਕਤੂਬਰ ਤੱਕ ਆਪਣਾ ਟੀਕਾਕਰਣ ਪੂਰਾ ਕਰਵਾਉਣਾ ਹੋਵੇਗਾ।

REXDALE BODY SHOP
USED CAR SALE



CHEEMA
LOWEST PRICE IN TOWN
Towing Service Car Paint Starts $799* upto 100% Deductible Paid*

Specialization In:
★ All Kinds of Body Work
★ Auto Glass Windshield
★ Denting, Painting & Welding

SPECIAL PAINT JOB $779
RENTAL CAR PROVIDED



ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

ਬੇਸਮੈਂਟਸ ਕਿਰਾਏ ਲਈ ਖਾਲੀ

ਗੋਰ ਰੋਡ ਅਤੇ ਕੰਟਰੀਸਾਈਡ ਦੇ ਏਰੀਏ ਵਿਚ ਇਕ ਬੇਸਮੈਂਟ ਦੋ ਬੈਡਰੂਮ ਦੀ ਅਤੇ ਇਕ ਬੇਸਮੈਂਟ ਇਕ ਬੈਡਰੂਮ ਦੀ ਕਰਾਏ ਲਈ ਖਾਲੀ ਹੈ। ਸੈਪਰੇਟ ਕਿਚਨ ਸੈਪਰੇਟ ਫੁਲ ਵਾਸਰੂਮ, ਸ਼ਿਅਰਡ ਲਾਂਡਰੀ। ਸਿਰਫ ਫੈਮਲੀ ਵਾਲੇ ਅਤੇ ਨੋਨ ਸਮੋਕਰ ਅਤੇ ਨੋ ਪੈਟਸ ਵਾਲੇ ਹੀ ਕਾਲ ਕਰਨ।
ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:
416-305-9864

Great Invetsment Opportunity

In The Region of Timminis,ON


8 ACRE OF lAND CAN BE SEVERD IN TWO LOTS OF 4 ACRE

Apartment Building For Sale:

| 4 units 3 bedroom | 2 units 1 bedroom | 1 unit bachelor |
| --- | --- | --- |







Asking $ 550,000
Positive Cash Flow

For More Details Call: 416-970-5005/647-242-8667



Jas Toor
Sales Repersentative
Sutton
Sutton Group-Realty Experts
Brokerage*

Jagdish Grewal
Sales Repersentative
Century 21
President Realty Inc.
Brokerage*



## ਅੱਜ ਨਾਮਾ >>

ਫੋਲੀਏ ਜਦੋਂ ਵੀ ਆਈ ਜੋ ਖਬਰ ਤਾਜ਼ੀ,
ਲੱਭ ਜਾਏ ਖਬਰ ਪੰਜਾਬ ਦੀ ਖਾਸ ਬੇਲੀ।
ਅਫਸਰ ਅੱਜ ਕੁਝ ਹੋਰ ਨੇ ਗਏ ਬਦਲੇ,
ਬਦਲੇ ਹੋਰ ਕਈ ਜਾਣ ਦੀ ਆਸ ਬੇਲੀ।
ਪੋਸਟ ਚੱਜ ਦੀ ਜੀਹਨੂੰ ਵੀ ਚਾਹੀਦੀ ਆ,
ਹੋ ਗਿਆਆਗੂ ਹੈ ਕਿਸੇ ਦਾ ਦਾਸ ਬੇਲੀ।
ਜੜ੍ਹੀਂ ਏਸ ਸਰਕਾਰ ਦੇ ਬਹਿਣਗੇ ਉਹ,
ਕੀਤਾ ਪਹਿਲੜੀ ਦਾ ਜਿਨ੍ਹਾਂ ਨਾਸ ਬੇਲੀ।
ਜਿਹੜੇਕੁਰਸੀ ਕਮਾਊ ਲਈ ਹੋਏਫਾਵੇ,
ਲੱਗਦੀਲੰਮੀ ਆ ਬਾਹਲੀ ਕਤਾਰ ਬੇਲੀ।
ਕੁਰਸੀ ਮਿਲਣ ਦੀ ਦੇਰ, ਕਮਾਊ ਪੁੱਤਾਂ,
ਅੱਖਾਂ ਕਰਨੀਆਂ ਕਦੇ ਨਹੀਂ ਚਾਰ ਬੇਲੀ।

**ਤੀਸ ਮਾਰ ਖਾਂ**

# ਅਮਰੀਕਾ ਵੱਲੋਂ ਸਰਹੱਦੀ ਪਾਬੰਦੀਆਂ ਨਾ ਹਟਾਏ ਜਾਣ ਕਾਰਨ ਕੈਨੇਡੀਅਨਜ਼ ਦੇ ਟਰੈਵਲ ਪਲੈਨਜ਼ ਵਿੱਚ ਪੈ ਸਕਦਾ ਹੈ ਵਿਘਣ

ਟੋਰਾਂਟੋ, 6 ਅਕਤੂਬਰ (ਪੋਸਟ ਬਿਊਰੋ) : ਅਮਰੀਕਾ ਦੇ ਅਜੇ ਵੀ ਜ਼ਮੀਨੀ ਸਰਹੱਦ ਨੂੰ ਗੈਰ ਜ਼ਰੂਰੀ ਟਰੈਵਲ ਲਈ ਬੰਦ ਕੀਤੇ ਹੋਣ ਦੇ ਚੱਲਦਿਆਂ ਮਾਹਿਰਾਂ ਦਾ ਕਹਿਣਾ ਹੈ ਕਿ ਕੁੱਝ ਟਰੈਵਲ ਪਸੰਦ ਕਰਨ ਵਾਲੇ ਕੈਨੇਡੀਅਨਜ਼ ਨੂੰ ਇਨ੍ਹਾਂ ਸਿਆਲਾਂ ਵਿੱਚ ਵੀ ਘਰੇ ਹੀ ਰਹਿਣਾ ਹੋਵੇਗਾ। ਇਹ ਉਨ੍ਹਾਂ ਦੀ ਦੂਜੀ ਸਰਦੀ ਹੋਵੇਗੀ ਜਦੋਂ ਉਹ ਸਰਹੱਦੋਂ ਪਾਰ ਨਹੀਂ ਜਾ ਸਕਣਗੇ।



ਯੂਐਸ ਡਿਪਾਰਟਮੈਂਟ ਆਫ ਹੋਮਲੈਂਡ ਸਕਿਊਰਿਟੀ ਵੱਲੋਂ 21 ਅਕਤੂਬਰ ਨੂੰ ਇਹ ਖੁਲਾਸਾ ਕੀਤਾ ਜਾਵੇਗਾ ਕਿ ਉਹ ਕੈਨੇਡਾ-ਅਮਰੀਕਾ ਬਾਰਡਰ ਉਤੇ ਪਾਬੰਦੀਆਂ ਵਿੱਚ ਢਿੱਲ ਦੇਣੀ ਚਾਹੁੰਦਾ ਹੈ ਜਾਂ ਫਿਰ ਇਨ੍ਹਾਂ ਪਾਬੰਦੀਆਂ ਨੂੰ 30 ਦਿਨਾਂ ਲਈ ਹੋਰ ਵਧਾਉਣਾ ਚਾਹੁੰਦਾ ਹੈ। ਇਹ ਕੋਈ ਵੀ ਨਹੀਂ ਜਾਣਦਾ ਕਿ ਅਮਰੀਕਾ ਨੇ ਜ਼ਮੀਨੀ ਬਾਰਡਰ ਨੂੰ ਬੰਦ ਕਰਕੇ ਕਿਉਂ ਰੱਖਿਆ ਹੋਇਆ ਹੈ ਜਦਕਿ ਕੈਨੇਡੀਅਨਜ਼ ਅਜੇ ਵੀ ਹਵਾਈ ਰਸਤੇ ਰਾਹੀਂ ਅਮਰੀਕਾ ਜਾ ਸਕਦੇ ਹਨ।

ਇੱਥੇ ਦੱਸਣਾ ਬਣਦਾ ਹੈ ਕਿ ਕੈਨੇਡੀਅਨ ਸਰਕਾਰ ਨੇ ਅਮਰੀਕੀ ਨਾਗਰਿਕਾਂ ਅਤੇ ਕੋਵਿਡ-19 ਖਿਲਾਫ ਪੂਰਾ ਟੀਕਾਕਰਨ ਕਰਵਾ ਚੁੱਕੇ ਪਰਮਾਨੈਂਟ ਰੈਜ਼ੀਡੈਂਟਸ ਲਈ ਟਰੈਵਲ ਸਬੰਧੀ ਪਾਬੰਦੀਆਂ 9 ਅਗਸਤ ਨੂੰ ਹੀ ਹਟਾ ਦਿੱਤੀਆਂ ਸਨ। ਇਸ ਦੌਰਾਨ ਅਮਰੀਕਾ ਦੀ ਸੈਨੇਟ ਡੈਮੋਕ੍ਰੈਟਸ ਦੇ ਇੱਕ ਗਰੁੱਪ, ਜਿਸ ਵਿੱਚ ਮਿਸ਼ੀਗਨ ਤੋਂ ਸੈਨੇਟਰਜ਼ ਡੈਬੀ ਸਟੇਬਨਾਓ ਤੇ ਗੈਰੀ ਪੀਟਰਜ਼, ਨਿਊਯੌਰਕ ਤੋਂ ਸੈਨੇਟਰ ਕਰਸਟੀਨ ਗਿੱਲਬਰਡ, ਨਿਊ ਹੈਂਪਸ਼ਾਇਰ ਤੋਂ ਸੈਨੇਟਰ ਜੀਨ ਸ਼ਾਹੀਨ ਸ਼ਾਮਲ ਹਨ,ਨੇ ਅਮਰੀਕਾ ਦੇ ਰਾਸ਼ਟਰਪਤੀ ਜੋਅ ਬਾਇਡਨ ਨੂੰ ਸਤੰਬਰ ਵਿੱਚ ਪੱਤਰ ਲਿਖ ਕੇ ਟਰੈਵਲ ਬੈਨ ਹਟਾਉਣ ਦੀ ਮੰਗ ਕੀਤੀ ਸੀ।

# ਪੰਜਾਬ ਅਤੇ ਦਿੱਲੀ ਦੇ ਮੁੱਖ ਮੰਤਰੀਆਂ ਵਿਚਾਲੇ ਕੱਪੜਿਆਂ ਬਾਰੇ ਬਹਿਸ ਛਿੜੀ

ਨਵੀਂ ਦਿੱਲੀ, 6 ਅਕਤੂਬਰ, (ਪੋਸਟ ਬਿਊਰੋ)- ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਆਪਣੇ ਕੱਪੜਿਆਂ ਦੇ ਬਾਰੇ ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਕੀਤੀ ਗਈ ਟਿੱਪਣੀ ਬਾਰੇ ਮੋੜਵਾਂ ਬਿਆਨ ਦਿੱਤਾ ਹੈ। ਉਨ੍ਹਾਂ ਨੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਟਿੱਪਣੀ ਦੇ ਜਵਾਬ ਵਿਚ ਕਈ ਪ੍ਰਸ਼ਨ ਵੀ ਤੇ ਕਿਹਾ ਹੈ ਕਿ 'ਚੰਨੀ ਸਾਹਿਬ, ਤੁਹਾਨੂੰ ਮੇਰੇ ਕੱਪੜੇ ਪਸੰਦ ਨਹੀਂ, ਮੈਨੂੰ ਕੋਈ ਫਰਕ ਨਹੀਂ ਪੈਂਦਾ, ਲੋਕ ਮੇਰੇ ਕੱਪੜੇ ਪਸੰਦ ਕਰਦੇ ਹਨ, ਤਦੇ ਦਿੱਲੀ ਵਿੱਚ ਆਮ ਆਦਮੀ ਪਾਰਟੀ ਲਗਾਤਾਰ ਦੋ ਵਾਰ ਭਾਰੀ ਬਹੁਮਤ ਜਿੱਤ ਗਈ ਹੈ।'

ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਇੱਕ ਟੀਵੀ ਚੈਨਲ ਨੂੰ ਇੰਟਰਵਿਊ ਦੇਂਦੇ ਸਮੇਂ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਕੱਪੜਿਆਂ ਬਾਰੇ ਟਿਪਣੀ ਕੀਤੀ ਸੀ। ਜਦੋਂ ਓਥੇ ਪੱਤਰਕਾਰ ਨੇ ਚਰਨਜੀਤ ਸਿੰਘ ਚੰਨੀ ਨੂੰ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਕਹਿੰਦੇ ਹਨ ਕਿ ਕਾਂਗਰਸ ਨੇ ਪੰਜਾਬ ਨੂੰ ਤਮਾਸ਼ਾ ਬਣਾ ਦਿੱਤਾ ਹੈ ਤਾਂ ਚੰਨੀ ਨੇ ਕਿਹਾ:'ਭਰਾ ਜੀ, ਤੁਹਾਡੇ ਕੋਲ ਪੰਜ ਹਜ਼ਾਰ ਰੁਪਏ ਹਨ।' ਜਦੋਂ ਪੱਤਰਕਾਰ ਨੇ ਹਾਮੀ ਭਰੀ ਤਾਂ ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ 5 ਹਜ਼ਾਰ ਰੁਪਏ ਹਰ ਕਿਸੇ ਕੋਲ ਹਨ। ਫਿਰ ਚੰਨੀ ਨੇ ਕਿਹਾ:'ਯਾਰ, 5 ਹਜ਼ਾਰ ਰੁਪਏ ਦਿੱਲੀ ਦੇ ਮੁੱਖ ਮੰਤਰੀ ਕੇਜਰੀਵਾਲ ਨੂੰ ਦੇਵੋ, ਉਹ ਕੁਝ ਚੰਗੇ ਕੱਪੜੇ ਸਿਲਵਾ ਲੈਣ।' ਇਸ ਪਿੱਛੋਂ ਚਰਨਜੀਤ ਸਿੰਘ ਚੰਨੀ ਨੇ ਕਿਹਾ;'ਯਾਰ, ਉਨ੍ਹਾਂ ਦੀ ਤਨਖਾਹ 250,000 ਰੁਪਏ ਹੈ, ਉਹ ਕੁਝ ਚੰਗੇ ਕੱਪੜੇ ਵੀ ਨਹੀਂ ਪਾ ਸਕਦੇ।'

# ਉਸਾਰੀ ਅਧੀਨ ਘਰ ਵਿੱਚ ਲੱਗੀ ਅੱਗ



ਓਨਟਾਰੀਓ, 6 ਅਕਤੂਬਰ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਉਸਾਰੀ ਅਧੀਨ ਇੱਕ ਘਰ ਵਿੱਚ ਅੱਗ ਲੱਗ ਗਈ। ਇਸ ਦੀ ਜਾਣਕਾਰੀ ਓਨਟਾਰੀਓ ਫਾਇਰ ਮਾਰਸ਼ਲ ਦੇ ਆਫਿਸ ਨੂੰ ਵੀ ਦਿੱਤੀ ਗਈ।

ਬੇਅਵਿਊ ਐਵਨਿਊ ਨੇੜੇ ਓਲਡ ਕੌਲਨੀ ਰੋਡ ਉੱਤੇ ਸਥਿਤ ਇਸ ਘਰ ਵਿੱਚ ਲੱਗੀ ਅੱਗ ਉੱਤੇ ਕਾਬੂ ਪਾਉਣ ਲਈ ਰਾਤੀਂ 10:00 ਵਜੇ ਦੇ ਨੇੜੇ ਤੇੜੇ ਤੁਰੰਤ ਐਮਰਜੰਸੀ ਸੇਵਾਵਾਂ ਨੂੰ ਸੱਦਿਆ ਗਿਆ। ਫਾਇਰਫਾਈਟਰਜ਼ ਵੱਲੋਂ ਅੱਗ ਦੀਆਂ ਤੇਜ਼ ਲਪਟਾਂ ਉੱਤੇ ਘਰ ਦੇ ਬਾਹਰੋਂ ਹੀ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ ਗਈ। ਇਸ ਦੌਰਾਨ ਇਸ ਘਰ ਦਾ ਇੱਕ ਹਿੱਸਾ ਵੀ ਢਹਿ ਗਿਆ।

ਨਾਲ ਲੱਗਦੇ ਘਰਾਂ ਨੂੰ ਖਾਲੀ ਕਰਵਾਉਣ ਦੀ ਲੋੜ ਨਹੀਂ ਪਈ ਪਰ ਕੁੱਝ ਗੁਆਂਢੀਆਂ ਵੱਲੋਂ ਆਪਣੇ ਆਪ ਹੀ ਘਰ ਖਾਲੀ ਕਰ ਦਿੱਤੇ ਗਏ। ਬੜੀ ਮਸ਼ੱਕਤ ਤੋਂ ਬਾਅਦ ਅੱਗ ਉੱਤੇ ਕਾਬੂ ਪਾ ਲਿਆ ਗਿਆ। ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ।

# ਯੂ ਪੀ ਸਰਕਾਰ ਨਾਲ ਲੰਮੀ ਖਿੱਚੋਤਾਣ ਪਿੱਛੋਂ ਰਾਹੁਲ-ਪ੍ਰਿਅੰਕਾ ਤੇ ਹੋਰ ਲਖੀਮਪੁਰ ਖੀਰੀ ਵਿੱਚ ਪੀੜਤਾਂ ਤੱਕ ਪੁੱਜੇ

*** ਮ੍ਰਿਤਕਾਂ ਦੇ ਪਰਿਵਾਰਾਂ ਨੂੰ ਪੰਜਾਬ ਸਰਕਾਰ 50-50 ਲੱਖ ਦੇਵੇਗੀ * ਆਪ ਪਾਰਟੀ ਦਾ ਵਫਦ ਵੀ ਮ੍ਰਿਤਕ ਕਿਸਾਨ ਦੇ ਵਾਰਸਾਂ ਨੂੰ ਮਿਲਿਆ**





ਲਖਨਊ, 6 ਅਕਤੂਬਰ, (ਪੋਸਟ ਬਿਊਰੋ)- ਪਿਛਲੇ ਐਤਵਾਰ ਦੇ ਖੂਨੀ ਕਾਂਡ ਤੋਂ ਬਾਅਦ ਉੱਤਰ ਪ੍ਰਦੇਸ਼ ਦਾ ਲਖੀਮਪੁਰ ਖੀਰੀ ਜ਼ਿਲਾਇਸ ਵਕਤ ਭਾਰਤੀ ਰਾਜਨੀਤੀ ਦਾ ਸਭ ਤੋਂ ਵੱਡਾ ਕੇਂਦਰ ਬਣ ਗਿਆ ਹੈ।ਮਾਰੇ ਗਏ ਕਿਸਾਨਾਂ ਦੇ ਵਾਰਸਾਂ ਦੀ ਸਾਰ ਲੈਣ ਲਈਵਿਰੋਧੀ ਧਿਰ ਦੇ ਸਾਰੇ ਵੱਡੇ ਆਗੂ ਅੱਜਕੱਲ੍ਹ ਓਥੇ ਪਹੁੰਚ ਰਹੇ ਹਨ ਅਤੇ ਉੱਤਰ ਪ੍ਰਦੇਸ਼ ਦੀ ਸਰਕਾਰ ਉਨ੍ਹਾਂ ਨੂੰ ਪਹੁੰਚਣ ਤੋਂ ਰੋਕਣ ਲਈ ਹਰ ਹੀਲਾ ਵਰਤਣ ਦੇ ਯਤਨਾਂ ਵਿੱਚ ਲੱਗੀ ਹੋਈ ਹੈ। ਇਸੇ ਲੜੀ ਵਿੱਚ ਅੱਜ ਬੁੱਧਵਾਰ ਰਾਹੁਲ ਗਾਂਧੀ ਅਤੇ ਉਨ੍ਹਾਂ ਦੀ ਭੈਣ ਵੀ ਏਥੇ ਉਚੇਚੇ ਆਏ ਤੇ ਮ੍ਰਿਤਕ ਕਿਸਾਨਾਂ ਦੇ ਵਾਰਸਾਂਨੂੰ ਮਿਲੇ। ਉਨ੍ਹਾਂ ਨਾਲ ਉਨ੍ਹਾਂ ਦੀ ਭੈਣ ਤੇ ਕਾਂਗਰਸ ਪਾਰਟੀ ਦੀ ਜਨਰਲ ਸੈਕਟਰੀਪ੍ਰਿਅੰਕਾ ਗਾਂਧੀ ਵੀ ਸੀ, ਜਿਹੜੀ ਦੋ ਦਿਨਾਂ ਤੋਂ ਉੱਤਰ ਪ੍ਰਦੇਸ਼ ਸਰਕਾਰ ਦੇ ਹੁਕਮ ਉੱਤੇ ਸੀਤਾਪੁਰ ਦੇ ਗੈੱਸਟ ਹਾਊਸ ਵਿੱਚ ਬੰਦ ਕੀਤੀ ਹੋਈ ਸੀ। ਪ੍ਰਸ਼ਾਸਨ ਕਹਿੰਦਾ ਸੀ ਕਿ ਉਸ ਦੇ ਦੌਰੇ ਕਾਰਨ ਅਮਨ ਭੰਗ ਹੋਣ ਦਾ ਡਰ ਹੈ। ਮੰਗਲਵਾਰ ਨੂੰ ਮ੍ਰਿਤਕ ਕਿਸਾਨਾਂ ਦੇ ਵਾਰਸਾਂ ਨੂੰ ਮਿਲਣ ਜਾਂਦੇ ਛੱਤੀਸਗੜ੍ਹ ਦੇ ਮੁੱਖ ਮੰਤਰੀ ਭੁਪੇਸ਼ ਬਘੇਲ ਨੂੰ ਜਦੋਂ ਲਖਨਊ ਏਅਰਪੋਰਟ ਉੱਤੇ ਰੋਕਿਆ ਗਿਆ ਤਾਂ ਉਨ੍ਹਾਂ ਨੇ ਓਥੇ ਧਰਨਾ ਲਾ ਦਿੱਤਾ ਸੀ। ਅੱਜ ਰਾਹੁਲ ਗਾਂਧੀ, ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਤੇ ਭੁਪੇਸ਼ ਬਘੇਲ ਜਦੋਂ ਫਿਰ ਉਨ੍ਹਾਂ ਪਰਵਾਰਾਂ ਨੂੰ ਮਿਲਣ ਚੱਲੇ ਤਾਂ ਉੱਤਰ ਪ੍ਰਦੇਸ਼ ਸਰਕਾਰ ਨੇ ਉਨ੍ਹਾਂ ਨੂੰ ਰੋਕ ਦਿੱਤਾ, ਜਿਸ ਦੇ ਬਾਅਦ ਇਨ੍ਹਾਂ ਸਾਰਿਆਂ ਨੇ ਧਰਨਾ ਲਾ ਦਿੱਤਾ, ਪਰ ਕੁਝ ਸਮੇਂ ਬਾਅਦ ਉੱਤਰ ਪ੍ਰਦੇਸ਼ ਪੁਲਸ ਨੇ ਉਨ੍ਹਾਂ ਨੂੰ ਜਾਣ ਦੀ ਖੁੱਲ੍ਹ ਦੇ ਦਿੱਤੀ, ਜਿਸ ਪਿੱਛੋਂ ਉਹ ਲਖੀਮਪੁਰ ਖੀਰੀ ਨੂੰ ਚੱਲ ਪਏ। ਓਧਰ ਸੀਤਾਪੁਰ ਗੈੱਸਟ ਹਾਊਸ ਵਿੱਚ ਬੰਦੀ ਕੀਤੀ ਹੋਈ ਪ੍ਰਿਅੰਕਾ ਗਾਂਧੀ ਨੂੰ ਵੀ ਖੁੱਲ੍ਹ ਦੇ ਦਿੱਤੀ ਗਈ ਅਤੇ ਉਹ ਵੀ ਲਖੀਮਪੁਰ ਖੀਰੀ ਨੂੰ ਚਲੀ ਗਈ ਅਤੇ ਰਾਹੁਲ ਵਾਲੇ ਵਫਦ ਨਾਲ ਮਿਲ ਗਈ।

ਲਖੀਮਪੁਰ ਖੀਰੀ ਪਹੁੰਚੇ ਰਾਹੁਲ ਅਤੇ ਪ੍ਰਿਅੰਕਾਪਹਿਲਾਂ ਪਿੰਡ ਪਲੀਆ ਕਲਾਂ ਵਿੱਚਐਤਵਾਰ ਦੀ ਹਿੰਸਾ ਵਿੱਚ ਮਾਰੇ ਗਏਮ੍ਰਿਤਕ ਕਿਸਾਨ ਦੇ ਵਾਰਸਾਂ ਨੂੰ ਮਿਲੇ। ਮ੍ਰਿਤਕ ਲਵਪ੍ਰੀਤ ਸਿੰਘ ਦੇ ਮਾਂ-ਬਾਪ ਅਤੇ ਦੋਵਾਂ ਭੈਣਾਂ ਨਾਲ ਗੱਲਬਾਤ ਕਰਦੇ ਹੋਏਰਾਹੁਲ-ਪ੍ਰਿਅੰਕਾ ਨੇ ਦਿਲਾਸਾ ਦਿੱਤਾ ਕਿ ਸਾਰਾ ਦੇਸ਼ ਉਨ੍ਹਾਂ ਦੇਨਾਲ ਹੈ। ਇਸ ਪਿੱਛੋਂ ਦੋਵੇਂ ਭੈਣ-ਭਰਾ ਕਾਂਗਰਸ ਨੇਤਾ ਨਿਘਾਸਨ ਵਿੱਚ ਮ੍ਰਿਤਕ ਪੱਤਰਕਾਰ ਦੇ ਪਰਿਵਾਰ ਨੂੰ ਮਿਲੇ। ਮੀਡੀਆ ਨਾਲ ਗੱਲਬਾਤ ਵਿੱਚਪ੍ਰਿਅੰਕਾ ਗਾਂਧੀ ਨੇ ਕਿਹਾ ਕਿ ਮੇਰੇ ਸੰਘਰਸ਼ ਦਾ ਕੋਈ ਮਤਲਬ ਨਹੀਂ,ਪੀੜਤਾਂ ਨੂੰ ਨਿਆਂ ਮਿਲਣਾ ਚਾਹੀਦਾ ਹੈ। ਉਨ੍ਹਾਂ ਨੇ ਇੱਕ ਵਾਰ ਫਿਰ ਉੱਤਰ ਪ੍ਰਦੇਸ਼ ਦੀ ਸਰਕਾਰ ਉੱਤੇ ਸਵਾਲ ਚੁੱਕਦੇ ਹੋਏ ਕਿਹਾ ਕਿ ਅਜੇ ਤੱਕ ਇਸ ਕੇਸਵਿੱਚਕੋਈ ਗ੍ਰਿਫਤਾਰੀ ਕਿਉਂ ਨਹੀਂ ਹੋਈ? ਇਸ ਮੌਕੇਲਖੀਮਪੁਰ ਖੀਰੀ ਵਿੱਚਮ੍ਰਿਤਕ ਕਿਸਾਨਾਂ ਤੇ ਪੱਤਰਕਾਰ ਦੇ ਪਰਿਵਾਰਾਂ ਲਈ ਪੰਜਾਬ ਸਰਕਾਰ ਨੇ ਮਦਦ ਦਾ ਐਲਾਨ ਕੀਤਾ ਹੈ। ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਇਸ ਘਟਨਾ ਵਿੱਚ ਮਾਰੇ ਗਏ ਚਾਰ ਕਿਸਾਨਾਂ ਤੇ ਮ੍ਰਿਤਕ ਪੱਤਰਕਾਰ ਦੇ ਪਰਿਵਾਰ ਨੂੰ ਪੰਜਾਬ ਸਰਕਾਰ 50-50 ਲੱਖ ਰੁਪਏ ਦੇਵੇਗੀ। ਇਸ ਦੇ ਨਾਲ ਛੱਤੀਸਗੜ੍ਹ ਸਰਕਾਰ ਵੱਲੋਂ ਵੀ ਮੁੱਖ ਮੰਤਰੀ ਭੁਪੇਸ਼ ਬਘੇਲ ਨੇ ਮ੍ਰਿਤਕਾਂ ਦੇ ਵਾਰਸਾਂ ਨੂੰ 50-50 ਲੱਖ ਰੁਪਏ ਦੇਣ ਦਾ ਐਲਾਨ ਕੀਤਾ ਹੈ।

ਵਰਨਣ ਯੋਗ ਹੈ ਕਿ ਉੱਤਰ-ਪ੍ਰਦੇਸ਼ ਦੇ ਲਖੀਮਪੁਰ ਖੀਰੀ ਵਿੱਚਬੀਤੇ ਐਤਵਾਰ ਨੂੰ ਕੇਂਦਰੀ ਗ੍ਰਹਿ ਮੰਤਰੀ ਅਜੇ ਕੁਮਾਰ ਮਿਸ਼ਰਾ ਅਤੇ ਉੱਤਰ ਪ੍ਰਦੇਸ਼ ਉੱਪ ਮੁੱਖ ਮੰਤਰੀ ਕੇਸ਼ਵ ਪ੍ਰਸਾਦ ਮੌਰੀਆ ਦੇ ਪ੍ਰੋਗਰਾਮ ਦੇ ਵਿਰੋਧ ਲਈ ਸੜਕ ਕੰਢੇ ਖੜੇ ਕਿਸਾਨਾਂ ਉੱਤੇ ਗੱਡੀ ਚੜ੍ਹਾ ਦਿੱਤੀ ਜਾਣ ਨਾਲ 4 ਕਿਸਾਨਾਂ ਸਮੇਤ 8 ਜਣਿਆਂ ਦੀ ਮੌਤ ਹੋ ਗਈ ਸੀ।ਜਿਹੜੀ ਗੱਡੀ ਕਿਸਾਨਾਂ ਉੱਤੇ ਚੜ੍ਹਾਈ ਗਈ, ਉਸ ਵਿੱਚ ਕੇਂਦਰ ਦੇ ਗ੍ਰਹਿ ਰਾਜ ਮੰਤਰੀ ਅਜੇ ਟੇਨੀ ਦਾ ਪੁੱਤਰ ਤੇ ਉਸ ਨਾਲ ਜਾਣ ਵਾਲੇ ਭਾਜਪਾ ਵਰਕਰ ਸਵਾਰ ਸਨ। ਇਸ ਪਿੱਛੋਂ ਭੜਕੇ ਹੋਏ ਕਿਸਾਨਾਂ ਨੇ ਕਈ ਗੱਡੀਆਂ ਨੂੰ ਅੱਗ ਲਾ ਦਿੱਤੀ ਸੀ।

ਅੱਜ ਬੁੱਧਵਾਰ ਨੂੰ ਲਖੀਮਪੁਰ ਖੀਰੀ ਵਿੱਚਜਦੋਂ ਚੁਫੇਰਿਉਂ ਪਏ ਦਬਾਅ ਕਾਰਨ ਉੱਤਰ ਪ੍ਰਦੇਸ਼ ਵਿੱਚ ਭਾਜਪਾ ਦੀ ਯੋਗੀ ਆਦਿੱਤਿਆਨਾਥ ਸਰਕਾਰ ਝੁਕਦੀ ਨਜ਼ਰ ਆਈ, ਓਦੋਂ ਲਗਭਗ ਸਾਰੀਆਂ ਵਿਰੋਧੀ ਪਾਰਟੀਆਂ ਦੇ ਨੇਤਾ ਮ੍ਰਿਤਕਾਂ ਦੇ ਪਰਵਾਰਾਂ ਨੂੰ ਮਿਲਣ ਲਈ ਕਤਾਰ ਬੰਨ੍ਹ ਕੇ ਜਾਂਦੇ ਨਜ਼ਰ ਆਏ। ਯੋਗੀ ਸਰਕਾਰ ਨੇ ਸਾਰੀਆਂ ਸਿਆਸੀ ਪਾਰਟੀਆਂ ਦੇ 5-5 ਨੇਤਾਵਾਂ ਦੇ ਵਫ਼ਦ ਲਖੀਮਪੁਰ ਜਾਣ ਦੀ ਇਜਾਜ਼ਤ ਦੇ ਦਿੱਤੀ ਤਾਂ ਆਮ ਆਦਮੀ ਪਾਰਟੀਦਾ ਵਫ਼ਦ ਪੰਜਾਬਦੀ ਪਾਰਟੀ ਦੇ ਇੰਚਾਰਜ ਅਤੇ ਵਿਧਾਇਕ ਰਾਘਵ ਚੱਢਾ ਦੀ ਅਗਵਾਈ ਵਿੱਚ ਲਖੀਮਪੁਰ ਖੀਰੀ ਪੁੱਜਾ। ਇਹ ਨੇਤਾ ਲਖੀਮਪੁਰ ਖੀਰੀ ਨੇੜੇ ਰਾਮਨਗਰ ਲਾਭੜੀ ਵਿੱਚ ਮ੍ਰਿਤਕ ਕਿਸਾਨ ਨਛੱਤਰ ਸਿੰਘ ਦੇ ਵਾਰਸਾਂ ਨੂੰ ਮਿਲੇ ਤੇ ਉਨ੍ਹਾਂ ਦਾ ਦੁੱਖ ਸੁਣਿਆ। ਆਮ ਆਦਮੀ ਪਾਰਟੀ ਦੇ ਪਾਰਲੀਮੈਂਟ ਮੈਂਬਰ ਸੰਜੇ ਸਿੰਘ ਨੇ ਕੇਂਦਰੀ ਗ੍ਰਹਿ ਰਾਜ ਮੰਤਰੀ ਅਜੇ ਮਿਸ਼ਰਾ ਦੇ ਦੋਸ਼ੀ ਪੁੱਤਰ ਆਸ਼ੀਸ਼ ਮਿਸ਼ਰਾ ਦੀ ਹਾਲੇ ਤੱਕ ਗ੍ਰਿਫ਼ਤਾਰੀ ਨਾ ਹੋਣ ਉੱਤੇ ਸਵਾਲ ਵੀ ਚੁਕੇ। ਪਾਰਟੀ ਦੇ ਇਸ ਵਫ਼ਦ ਵਿੱਚ ਸੰਜੇ ਸਿੰਘ, ਵਿਧਾਇਕ ਰਾਘਵ ਚੱਢਾ, ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਹਰਪਾਲ ਸਿੰਘ ਚੀਮਾ, ਵਿਧਾਇਕ ਬਲਜਿੰਦਰ ਕੌਰ, ਕੁਲਤਾਰ ਸਿੰਘ ਸੰਧਵਾਂ ਅਤੇ ਅਮਰਜੀਤ ਸਿੰਘ ਸੰਦੋਆ ਸ਼ਾਮਲ ਸਨ।ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਫੋਨ ਉੱਤੇਪੀੜਤ ਪਰਿਵਾਰ ਨਾਲ ਗੱਲ ਕੀਤੀ ਅਤੇ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ।

# ਇੰਡੋਰ ਯੂਥ ਸਪੋਰਟਸ ਲਈ ਕੁੱਝ ਹੈਲਥ ਯੂਨਿਟਸ ਨੇ ਸਖ਼ਤ ਕੀਤੇ ਇਮਿਊਨਾਈਜ਼ੇਸ਼ਨ ਨਿਯਮ

...ਪੰਨਾ 1 ਦਾ ਬਾਕੀ

ਉੱਤਰੀ ਓਨਟਾਰੀਓ ਦੀਆਂ ਸੱਤ ਹੈਲਥ ਯੂਨਿਟਸ ਕਵਰ ਕਰਨ ਵਾਲੇ ਮੈਡੀਕਲ ਆਫੀਸਰਜ਼ ਚਾਹੁੰਦੇ ਹਨ ਕਿ ਕੋਚਾਂ, ਅਧਿਕਾਰੀਆਂ ਤੇ ਇੰਡੋਰ ਆਰਗੇਨਾਈਜ਼ਡ ਸਪੋਰਟਸ ਨਾਲ ਸਬੰਧਤ 12 ਸਾਲ ਤੱਕ ਦੀ ਉਮਰ ਵਾਲੇ ਵਾਲੰਟੀਅਰਜ਼ ਦਾ ਲਾਜ਼ਮੀ ਟੀਕਾਕਰਣ ਹੋਵੇ। ਇਹ ਇਮਿਊਨਾਈਜ਼ੇਸ਼ਨ ਨਿਯਮ ਯੂਥ ਪਾਰਟੀਸਿਪੈਂਟਸ ਉੱਤੇ ਲਾਗੂ ਨਹੀਂ ਹੁੰਦਾ ਪਰ ਉੱਘੇ ਆਗੂਆਂ ਦਾ ਕਹਿਣਾ ਹੈ ਕਿ ਲੋੜ ਪੈਣ ਉੱਤੇ ਉਹ ਇਨ੍ਹਾਂ ਨਿਯਮਾਂ ਨੂੰ ਵੀ ਬਦਲ ਦੇਣਗੇ।

# ਤੇਲ ਦੀਆਂ ਕੀਮਤਾਂ ਵਿੱਚ ਹੋ ਸਕਦਾ ਹੈ ਵਾਧਾ

...ਪੰਨਾ 1 ਦਾ ਬਾਕੀ

ਵਿਨੀਪੈਗ ਵਿੱਚ ਤੇਲ ਦੀਆਂ ਕੀਮਤਾਂ ਵਿੱਚ ਰਾਤੀਂ 10 ਸੈਂਟ ਦਾ ਵਾਧਾ ਹੋਇਆ ਤੇ ਤੇਲ ਦੀਆਂ ਕੀਮਤਾਂ 1.429 ਸੈਂਟ ( ਇੱਕ ਡਾਲਰ, 429 ਸੈਂਟ) ਪ੍ਰਤੀ ਲੀਟਰ ਤੱਕ ਅੱਪੜ ਗਈਆਂ। ਇਨ੍ਹਾਂ ਕੀਮਤਾਂ ਵਿੱਚ 1.335 ( ਇੱਕ ਡਾਲਰ, 335 ਸੈਂਟ) ਸੈਂਟ ਪ੍ਰਤੀ ਲੀਟਰ ਤੋਂ ਵਧੀਆਂ ਹਨ ਜਦਕਿ ਪਿਛਲੇ 13 ਸਾਲਾਂ ਵਿੱਚ ਇਨ੍ਹਾਂ ਕੀਮਤਾਂ ਵਿੱਚ ਕੋਈ ਵਾਧਾ ਨਹੀਂ ਸੀ ਹੋਇਆ।

ਇਸ ਦੌਰਾਨ ਟੋਰਾਂਟੋ ਦੇ ਡਰਾਈਵਰਾਂ ਨੂੰ ਵੀਰਵਾਰ ਤੱਕ ਤੇਲ ਦੀਆਂ ਕੀਮਤਾਂ ਵਿੱਚ 1•44 ਸੈਂਟ ( ਇੱਕ ਡਾਲਰ, 44 ਸੈਂਟ) ਪ੍ਰਤੀ ਲੀਟਰ ਵਾਧਾ ਸਹਿਣ ਲਈ ਤਿਆਰ ਰਹਿਣ ਵਾਸਤੇ ਆਖਿਆ ਗਿਆ ਹੈ। ਆਉਣ ਵਾਲੇ ਦਿਨਾਂ ਵਿੱਚ ਪੰਪਜ਼ ਉੱਤੇ ਤੇਲ ਦੀਆਂ ਕੀਮਤਾਂ ਇੱਕ ਜਾਂ ਦੋ ਸੈਂਟਸ ਹੋਰ ਵਧਣ ਦੀ ਪੇਸ਼ੀਨਿਗੋਈ ਕੀਤੀ ਗਈ ਹੈ।

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd. Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ShérGill Law Firm
Barrister, Solicitor & Notary Public
Services:
- Real Estate
- Residential, Commercial & Franchise
- Criminal Law
- Family Law
- Affidavit, Power Of Attorney & Notarization
- Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

NEED A LAWYER ??
Red Seal NOTARY
KAUR LAW OFFICE
REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage
IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application
FAMILY LAWYER
- Child & Spousal support
- Custody & Access
- Divorce
- Equalization
BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits
WILLS & ESTATE
- Wills
- Certificate of Estate Trustee with/without Will
- Power of attorney for Property & Personal Care
MANJEET KAUR
LL.B., (London UK) Barrister, Solicitor & Notary Public
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 williams Pkway unit #45, Brampton, ON L6S 5T4 Email: grandupholsery@gmail.com

## ਫਾਰਮ ਵਰਕਰ ਦੀ ਲੋੜ

ਨਰਸਰੀ ਅਤੇ ਫਾਰਮਾਂ ਵਿਚ ਕੰਮ ਕਰਨ ਲਈ ਤੁਰੰਤ ਵਰਕਰਾਂ ਦੀ ਲੋੜ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਉਤੇ ਸੰਪਰਕ ਕੀਤਾ ਜਾ ਸਕਦਾ ਹੈ।

**ਮੋਬਾਇਲ: ਪਰਮਿੰਦਰ ਗਰੇਵਾਲ 647-391-1000**
**ਬਲਵੀਰ ਸਰਪੰਚ 289-541-5384**

## ਲੇਡੀਜ਼ ਵਰਕਰ ਦੀ ਲੋੜ

ਵਸਾਗਾ ਬੀਚ ਦੇ ਏਰੀਆ ਵਿਚ ਘਰ ਅਤੇ ਮੋਟਲ ਵਿਚ ਕਲੀਨਿੰਗ ਦਾ ਅਤੇ ਹੋਰ ਛੋਟੇ ਮੋਟੇ ਕੰਮ ਕਰਨ ਲਈ ਲੇਡੀਜ਼ ਵਰਕਰ ਦੀ ਲੋੜ ਹੈ। ਰਹਿਣ ਸਹਿਣ ਅਤੇ ਖਾਣ ਪੀਣ ਦੀ ਸਹੂਲਤ ਉਥੇ ਹੀ ਦਿੱਤੀ ਜਾਵੇਗੀ। ਤਨਖਾਹ ਬਾਰੇ ਅਤੇ ਹੋਰ ਜਾਣਕਾਰੀ ਲੈਣ ਲਈ ਕਾਲ ਕਰੋ :

**705-443-2556**

## ਹੈਂਡੀਮੈਨ ਦੀ ਲੋੜ

ਪਲੰਬਿੰਗ, ਇਲੈਕ੍ਰੀਸ਼ੀਅਨ ਅਤੇ ਕੰਸਟ੍ਰਕਸ਼ਨ ਦਾ ਥੋੜਾ ਬਹੁਤ ਤਜਰਬਾ ਰੱਖਣ ਵਾਲੇ ਹੈਂਡੀਮੈਨ ਦੀ ਲੋੜ ਹੈ। ਤਨਖਾਹ ਹੋਵੇਗੀ $20-22/ਹਰ ਦਿੱਤੀ ਜਾਵੇਗੀ।

**ਸੰਪਰਕ: 416-816-1695**

ਕਾਲ ਕਰਨ ਦਾ ਸਮਾਂ ਸਵੇਰੇ 9 ਤੋਂ ਸ਼ਾਮ 7 ਵਜੇ ਤੱਕ


# ਸਾਬਕਾ ਮੰਤਰੀ ਸੇਵਾ ਸਿੰਘ ਸੇਖਵਾਂ ਦਾ ਦੇਹਾਂਤ



ਗੁਰਦਾਸਪੁਰ, 6 ਅਕਤੂਬਰ, (ਪੋਸਟ ਬਿਊਰੋ)- ਪੰਜਾਬ ਦੇ ਸਾਬਕਾ ਮੰਤਰੀ ਸੇਵਾ ਸਿੰਘ ਸੇਖਵਾਂ ਦਾ ਅੱਜ ਸ਼ਾਮ ਦੇਹਾਂਤ ਹੋ ਗਿਆ। ਉਹ ਲੰਬੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਨੇਤਾਵਾਂ ਵਿੱਚ ਸ਼ਾਮਲ ਸਨ, ਪਰ ਪਿਛਲੇ ਦਿਨੀਂ ਅਕਾਲੀ ਦਲ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਸਨ।

ਵਰਨਣ ਯੋਗ ਹੈ ਕਿ ਕਿ ਕੁਝ ਸਮਾਂ ਪਹਿਲਾਂ ਆਮ ਆਦਮੀ ਪਾਰਟੀ ਦੇ ਕਨਵੀਨਰ ਅਤੇ ਦਿੱਲੀ ਸਰਕਾਰ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਖੁਦ ਸੇਵਾ ਸਿੰਘ ਸੇਖਵਾਂ ਦੇ ਘਰ ਜਾ ਕੇ ਉਨ੍ਹਾਂ ਨੂੰ ਇਸ ਪਾਰਟੀ ਵਿੱਚ ਸ਼ਾਮਲ ਕੀਤਾ ਸੀ। ਸੇਵਾ ਸਿੰਘ ਸੇਖਵਾਂ ਦੀ ਸਿਹਤ ਲੰਬੇ ਸਮੇਂ ਤੋਂ ਖਰਾਬ ਸੀ। ਉਨ੍ਹਾਂ ਦੇ ਪੁੱਤਰ ਜਗਰੂਪ ਸਿੰਘ ਸੇਖਵਾਂ ਨੇ ਆਪਣੇ ਸੋਸ਼ਲ ਮੀਡੀਆ ਪੇਜ ਉਪਰ ਜਦੋਂ ਇਹ ਖਬਰ ਦਿੱਤੀ ਤਾਂ ਇਸ ਪਿੱਛੋਂਆਮ ਆਦਮੀ ਪਾਰਟੀ ਦੇ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਪ੍ਰਧਾਨ ਭਗਵੰਤ ਮਾਨ, ਵਿਰੋਧੀ ਧਿਰ ਦੇ ਆਗੂ ਹਰਪਾਲ ਸਿੰਘ ਚੀਮਾ ਤੇ ਹੋਰਆਗੂਆਂ ਨੇ ਸੇਖਵਾਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਹੈ। ਸੇਵਾ ਸਿੰਘ ਸੇਖਵਾਂ ਪਹਿਲਾਂ ਵਿਧਾਨ ਸਭਾ ਹਲਕਾ ਕਾਹਨੂੰਵਾਨ ਤੋਂ ਵਿਧਾਇਕ ਚੁਣੇ ਗਏ ਤੇ ਫਿਰ ਹਲਕਾ ਕਾਦੀਆਂ ਤੋਂ ਉੱਪ ਚੋਣ ਵਿੱਚ ਜੇਤੂ ਰਹੇ ਸਨ। ਉਹ ਦੋ ਵਾਰ ਪੰਜਾਬ ਦੇ ਮੰਤਰੀ ਅਤੇ ਇੱਕ ਵਾਰ ਪੰਜਾਬ ਸਟੇਟ ਬੋਰਡ ਆਫ ਟੈਕਨੀਕਲ ਐਜੂਕੇਸ਼ਨ ਦੇ ਚੇਅਰਮੈਨ ਵੀ ਰਹੇ ਸਨ।


## ਲੇਡੀ ਵਰਕਰ ਦੀ ਲੋੜ

Best Western Hotel (Centennial & Eglinton) ਵਿਚ ਕਲੀਨਿੰਗ ਦਾ ਕੰਮ ਕਰਨ ਲਈ ਲੇਡੀ ਵਰਕਰ ਦੀ ਜ਼ਰੂਰਤ ਹੈ। ਡਿਊਟੀ ਦਾ ਸਮਾਂ 9-5:30 ਹੋਵੇਗਾ।


# ਪੂਰੀ ਵੈਕਸੀਨੇਸ਼ਨ ਨਾ ਕਰਵਾਉਣ ਵਾਲੇ ਸਿਟੀ ਆਫ ਟੋਰਾਂਟੋ ਦੇ ਸਟਾਫ ਦੀ ਹੋ ਸਕਦੀ ਹੈ ਛਾਂਗੀ




ਟੋਰਾਂਟੋ, 6 ਅਕਤੂਬਰ (ਪੋਸਟ ਬਿਊਰੋ) : ਜਿੱਥੋਂ ਤੱਕ ਕੋਵਿਡ-19 ਖਿਲਾਫ ਸਿਟੀ ਸਟਾਫ ਦੇ ਵੈਕਸੀਨੇਟ ਹੋਣ ਦੀ ਗੱਲ ਆਉਂਦੀ ਹੈ ਤਾਂ ਸਿਟੀ ਆਫ ਟੋਰਾਂਟੋ ਵੱਲੋਂ ਕੋਈ ਰਿਆਇਤ ਨਾ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਇੱਕ ਬਿਆਨ ਵਿੱਚ ਸਿਟੀ ਨੇ ਆਖਿਆ ਕਿ ਜਿਹੜਾ ਸਟਾਫ ਮੈਂਬਰ ਕੋਵਿਡ-19 ਵੈਕਸੀਨੇਸ਼ਨ ਦੀਆਂ ਦੋਵੇਂ ਡੋਜ਼ਾਂ ਲੱਗਣ ਦਾ ਸਬੂਤ ਮੁਹੱਈਆ ਨਹੀਂ ਕਰਾਵੇਗਾ ਉਸ ਨੂੰ ਬਿਨਾਂ ਤਨਖਾਹ ਛੇ ਹਫਤਿਆਂ ਲਈ ਸਸਪੈਂਡ ਕਰ ਦਿੱਤਾ ਜਾਵੇਗਾ। ਇਹ ਫੈਸਲਾ ਪਹਿਲੀ ਨਵੰਬਰ ਤੋਂ ਲਾਗੂ ਹੋ ਜਾਵੇਗਾ। ਜੇ ਉਹ ਛੇ ਹਫਤਿਆਂ ਦੌਰਾਨ ਸਬੂਤ ਮੁਹੱਈਆ ਕਰਵਾਉਣਗੇ ਤਾਂ ਉਨ੍ਹਾਂ ਨੂੰ ਕੰਮ ਉੱਤੇ ਪਰਤਣ ਦਿੱਤਾ ਜਾਵੇਗਾ।

ਸਸਪੈਂਡ ਕੀਤੇ ਜਾਣ ਤੋਂ ਬਾਅਦ ਜੇ ਸਟਾਫ ਅਜੇ ਵੀ ਆਪਣੀ ਪੂਰੀ ਵੈਕਸੀਨੇਸ਼ਨ ਦਾ ਸਬੂਤ ਮੁਹੱਈਆ ਨਹੀਂ ਕਰਵਾਉਂਦਾ ਤਾਂ 13 ਦਸੰਬਰ ਤੋਂ ਉਨ੍ਹਾਂ ਦੀਆਂ ਸੇਵਾਵਾਂ ਖ਼ਤਮ ਕਰ ਦਿੱਤੀਆਂ ਜਾਣਗੀਆਂ। ਸਿਟੀ ਨੇ ਆਖਿਆ ਕਿ ਉਹ ਆਪਣੇ ਸਟਾਫ ਲਈ ਵੈਕਸੀਨ ਐਜੂਕੇਸ਼ਨ ਪ੍ਰੋਗਰਾਮ ਜਾਰੀ ਰੱਖੇਗੀ। ਸਿਟੀ ਨੇ ਲਾਜ਼ਮੀ ਵੈਕਸੀਨੇਸ਼ਨ ਦੀ ਆਪਣੀ ਪਾਲਿਸੀ 26 ਅਗਸਤ ਨੂੰ ਜਾਰੀ ਕੀਤੀ ਸੀ। ਸਾਰੇ ਸਟਾਫ ਨੂੰ 17 ਸਤੰਬਰ ਤੱਕ ਆਪਣੇ ਵੈਕਸੀਨੇਸ਼ਨ ਸਟੇਟਸ ਦਾ ਖੁਲਾਸਾ ਕਰਨ ਲਈ ਆਖਿਆ ਗਿਆ ਸੀ ਤੇ 30 ਸਤੰਬਰ ਤੱਕ ਅੰਸ਼ਕ ਟੀਕਾਕਰਣ ਕਰਵਾਉਣ ਲਈ ਆਖਿਆ ਗਿਆ ਸੀ।

ਸਿਟੀ ਨੇ ਆਖਿਆ ਕਿ 95 ਫੀ ਸਦੀ ਸਟਾਫ ਵੱਲੋਂ ਬੁੱਧਵਾਰ ਤੱਕ ਵੈਕਸੀਨੇਸ਼ਨ ਦਾ ਖੁਲਾਸਾ ਕਰਨ ਵਾਲਾ ਫਾਰਮ ਭਰ ਦਿੱਤਾ ਗਿਆ ਸੀ। ਟੋਰਾਂਟੋ ਪਬਲਿਕ ਸਰਵਿਸ ਦੇ 26,138 ਮੈਂਬਰ ਪੂਰੀ ਤਰ੍ਹਾਂ ਵੈਕਸੀਨੇਸ਼ਨ ਕਰਵਾ ਚੁੱਕੇ ਹਨ। ਇਸ ਤੋਂ ਭਾਵ ਹੈ ਕਿ 89 ਫੀ ਸਦੀ ਸਟਾਫ ਆਪਣੇ ਵੈਕਸੀਨੇਸ਼ਨ ਸਟੇਟਸ ਦਾ ਖੁਲਾਸਾ ਕਰ ਚੁੱਕਿਆ ਹੈ। ਪੰਜ ਫੀ ਸਦੀ ਸਟਾਫ ਅੰਸ਼ਕ ਤੌਰ ਉੱਤੇ ਵੈਕਸੀਨੇਸ਼ਨ ਕਰਵਾ ਚੁੱਕਿਆ ਹੈ ਤੇ 2 ਫੀ ਸਦੀ ਨੇ ਆਪਣਾ ਸਟੇਟਸ ਜ਼ਾਹਿਰ ਨਾ ਕਰਨ ਦਾ ਫੈਸਲਾ ਕੀਤਾ ਹੈ।


ਕੈਨੇਡੀਅਨ ਪੰਜਾਬੀ ਪੋਸਟ — Award winning news paper | Canadian Punjabi Post

Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| **Founder Editor** | Jagdish Singh Grewal |
| **Managing Director** | Parminder Kaur Grewal |
| **Contributing Editors** | Gyan Singh, |
| **Office Admin** | Sajandeep Singh |
| **Graphic Designer** | Angrez Singh |
| **Photographer** | Kanwaljit Singh Kanwal |
| **Distributer** Marketing: | Aman Warraich Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.



## REXDALE FINANCIAL SERVICES

WE HELP YOU START, GROW AND SUCCEED

We bring Canada's leading lenders to you — The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated

Call now: 416.674.8035 | 416.674.7050 or Fax: 416.674.9009

ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
- DEBT CONSOLIDATION
- HOME EQUITY
- LOANS
- HOME RENOVATION
- WANT TO GET OUT OF CREDIT CARD DEBT

MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!

ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!! ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'

Increase Your Cash Flow by up to 50%

YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated

19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047



## ਖਿੜਕੀਆਂ ਅਤੇ ਦਰਵਾਜੇ ਲਗਵਾਓ

Free Estimates

ਵਨਾਈਲ ਅਤੇ ਐਲੁਮੀਨੀਅਮ ਵਿੰਡੋਜ਼, ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼, ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ, ਹਰ ਤਰਾਂ ਦਾ ਗਲਾਸ ਰਿਪਲੇਸਮੈਂਟ

ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ

CANADIAN GLASS AND WINDOW

SINGH (TOCHI)
416-454-3031
647-784-8240
Email: tochisangha1@hotmail.com


## ਵੋਟਾਂ ਦੀ ਦੁਬਾਰਾ ਗਿਣਤੀ ਤੋਂ ਬਾਅਦ ਲਿਬਰਲਾਂ ਕੋਲ ਹੋਈਆਂ 160 ਸੀਟਾਂ

...ਪੰਨਾ 1 ਦਾ ਬਾਕੀ

ਇਸ ਤਾਜ਼ਾ ਫੈਸਲੇ ਤੋਂ ਬਾਅਦ ਜਸਟਿਨ ਟਰੂਡੋ ਦੀ ਅਗਵਾਈ ਵਾਲੀ ਲਿਬਰਲ ਪਾਰਟੀ ਨੂੰ ਹਾਸਲ ਹੋਈਆਂ ਕੁੱਲ ਸੀਟਾਂ ਦੀ ਗਿਣਤੀ 160 ਹੋ ਗਈ ਹੈ। ਕਿਊਬਿਕ ਵਿੱਚ ਹੁਣ ਲਿਬਰਲਾਂ ਕੋਲ 35 ਸੀਟਾਂ ਹਨ। ਇੰਨੀਆਂ ਹੀ ਸੀਟਾਂ ਪਾਰਟੀ ਨੇ 2019 ਵਿੱਚ ਜਿੱਤੀਆਂ ਸਨ, ਬਲਾਕ ਕੋਲ ਵੀ ਓਨੀਆਂ 32 ਸੀਟਾਂ ਹੀ ਰਹਿ ਗਈਆਂ ਹਨ ਜਿੰਨੀਆਂ 2019 ਵਿੱਚ ਸਨ। ਬਹੁਗਿਣਤੀ ਸਰਕਾਰ ਬਣਾਏ ਜਾਣ ਲਈ ਲਿਬਰਲਾਂ ਨੂੰ 170 ਸੀਟਾਂ ਚਾਹੀਦੀਆਂ ਸਨ ਪਰ ਇਸ ਸਮੇਂ ਉਨ੍ਹਾਂ ਕੋਲ 10 ਸੀਟਾਂ ਘੱਟ ਹਨ।


## ਫਾਰਮਾਂ ਵਿਚ ਕੰਮ ਕਰਨ ਲਈ ਕਾਮਿਆਂ ਦੀ ਲੋੜ

ਬਰੈਂਪਟਨ, ਮਿਸੀਸਾਗਾ, ਮਾਲਟਨ, ਮਿਲਟਨ, ਕੈਲੇਡਨ ਤੋਂ ਪਿਕਅਪ। ਵਧੀਆ ਤਨਖਾਹ ਦਿੱਤੀ ਜਾਵੇਗੀ। ਸੰਪਰਕ: ਅਜੈਬ ਸਹੋਤਾ

**4165618882, 4164544587**



## ਜ਼ਰੂਰ ਜਾਣੋ; ਗਿਆਨ ਗੰਗਾ

|| ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ||

- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?

ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM
Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
जन तंत्र: 7:30 PM - 8:30 PM

ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:
satlokashramcanada@gmail.com
satsahibusa@gmail.com
647-739-4641
346-714-0224



## UK TRUCK TRAINING CENTRE

ukttc — PCC #179958
Registered as a Private Careers College

ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge

Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ

Forklift Training
Forklift $79 Recertification
Counterbalance | Reach Truck

ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs

20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ

7542 Bath Rd, Mississauga, ON L4T 1L2, Off:905.673.7979 | OPEN 7 DAYS uktruck1@gmail.com | Jitpal Singh Deol 647-204-1936



## BEST CANADIAN TRUCK & FORKLIFT TRAINING CENTRE

Registered as a Private Career College Under the Private Career College Act. 2005
BEST CANADIAN TRUCK & FORKLIFT TRAINING CENTRE

- AZ Tractor trailer program
- Manual transmission & backup training everyday
- We welcome welfare workers & compensation clients

Open Seven Days

Forklift Re-Certification Only $79.00/-

Karnail Singh

416.670.3173 | 905.799.7333
27 Edvac Dr, Brampton, ON L6S 5X8

Thursday, October 07, 2021

CANADIAN PUNJABI POST

ਨਜ਼ਰੀਆ



# 21ਵੀਂ ਸਦੀ ਦਾ ਨਵਾਂ ਨਸ਼ਾ



ਸਟੀਵ ਜੌਬਸ ਵਰਗੇ ਅਨੇਕਾਂ ਹੀ ਟੈਕਨੋਕਰੈਟ ਆਪਣੇ ਬੱਚਿਆਂ ਨੂੰ ਸਾਨ ਫਰਾਂਸਿਸਕੋ ਦੇ ਬੇਅ ਏਰੀਏ ਵਿੱਚ ਅਜਿਹੇ ਸਕੂਲਾਂ ਵਿੱਚ ਭੇਜਦੇ ਹਨ, ਜਿੱਥੇ ਟੈਕਨਾਲੌਜੀ ਵਰਤਣ 'ਤੇ ਪਾਬੰਦੀ ਹੈ। ਸ਼ਾਇਦ ਉਹਨਾਂ ਨੂੰ ਜ਼ਿੰਦਗੀ ਦੇ ਸ਼ੁਰੂਆਤੀ ਸਾਲਾਂ ਵਿੱਚ ਟੈਕਨਾਲੌਜੀ ਵਰਤਣ ਨਾਲ ਹੋਣ ਵਾਲੇ ਨੁਕਸਾਨਾਂ ਦਾ ਪਤਾ ਹੈ। ਕਈ ਵਿਗਿਆਨੀਆਂ ਦਾ ਵੀ ਮੰਨਣਾ ਹੈ ਕਿ ਕਿਉਂਕਿ ਟੱਚ ਸਕਰੀਨ ਟੈਕਨਾਲੋਜੀ ਨਵੀਂ ਹੈ ਅਤੇ ਇਸ ਦੇ ਅਸਰਾਂ ਬਾਰੇ ਹਾਲੇ ਚੰਗੀ ਤਰ੍ਹਾਂ ਰਿਸਰਚ ਨਹੀਂ ਕੀਤੀ ਗਈ, ਇਸ ਲਈ ਇਸ ਦੇ ਵਡੇਰੀ ਉਮਰ ਵਿੱਚ ਕੀ ਖਤਰੇ ਹੋ ਸਕਦੇ ਹਨ, ਇਸ ਬਾਰੇ ਹਾਲੇ ਕੁਝ ਨਹੀਂ ਪਤਾ।

ਐਡਿਕਸ਼ਨ ਮਾਹਿਰ ਨਿਕੋਲਸ ਕਡਾਰਸ ਦਾ ਮੰਨਣਾ ਹੈ ਕਿ ਸਕਰੀਨ ਦੇਖਣੀ ਵੀ ਨਸ਼ਿਆਂ ਦੀ ਤਰ੍ਹਾਂ ਹੀ ਹੈ। ਜ਼ਿਆਦਾ ਸਕਰੀਨ ਦੇਖਣ ਨਾਲ ਬੱਚੇ ਦਾ ਵਿਕਾਸ ਰੁਕ ਜਾਂਦਾ ਹੈ ਅਤੇ ਦਿਮਾਗ ਵਿੱਚ ਡੋਪਾਮਿਨ ਦਾ ਲੈਵਲ ਵਧ ਜਾਂਦਾ ਹੈ। ਯਾਦ ਰਹੇ ਡੋਪਾਮਿਨ ਨਿਊਰੋ ਟਰਾਂਸਮਿਟਰ ਹੈ, ਜਿਸ ਨਾਲ ਅਨੰਦਮਈ ਅਵਸਥਾ ਦਾ ਅਹਿਸਾਸ ਹੁੰਦਾ ਹੈ। ਪਰ ਜਦੋਂ ਇਸਦਾ ਲੈਵਲ ਲੋੜ ਤੋਂ ਜ਼ਿਆਦਾ ਵਧ ਜਾਂਦਾ ਹੈ, ਤਾਂ ਜਿਸ ਚੀਜ਼ (ਸਕਰੀਨ ਜਾਂ ਡਰੱਗ ਆਦਿ) ਨਾਲ ਇਸਦਾ ਲੈਵਲ ਵਧਿਆ ਹੈ, ਦਿਮਾਗ ਉਸ ਨੂੰ ਪਛਾਨਣਾ ਸ਼ੁਰੂ ਕਰ ਦਿੰਦਾ ਹੈ ਅਤੇ ਐਡਿਕਸ਼ਨ (ਲਤ ਲੱਗਣ) ਦੀ ਸੰਭਾਵਨਾ ਬਣਦੀ ਹੈ, ਭਾਵ ਤੁਸੀਂ ਉਸ ਚੀਜ਼ ਨੂੰ ਲੈਣ ਲਈ ਉਤਾਵਲੇ ਹੋ ਜਾਂਦੇ ਹੋ।

ਵਿਨੀਪੈੱਗ ਵਿੱਚ ਬੱਚਿਆਂ ਦੇ ਮਾਹਿਰ ਡਾ। ਗਰਾਂਟ ਮੈਕਡੂਗਲ ਦਾ ਵੀ ਮੰਨਣਾ ਹੈ ਕਿ ਜ਼ਿਆਦਾ ਸਕਰੀਨ ਦੇਖਣੀ ਬੱਚਿਆਂ ਲਈ ਬਹੁਤ ਹਾਨੀਕਾਰਕ ਹੈ। ਉਹਨਾਂ ਕਿਹਾ ਕਿ ਉਹਨਾਂ ਕੋਲ ਅਜਿਹੇ ਬਹੁਤ ਬੱਚੇ ਆਉਂਦੇ ਹਨ, ਜੋ ਜ਼ਿਆਦਾ ਸਕਰੀਨ ਦੇਖਣ ਕਰਕੇ ਮੋਟਾਪੇ ਦਾ ਸ਼ਿਕਾਰ ਹਨ। ਉਹਨਾਂ ਸਲਾਹ ਦਿੱਤੀ ਕਿ ਸਕਰੀਨ ਦੇਖਣੀ ਬੰਦ ਕਰੋ ਅਤੇ ਆਪਣੇ ਬੱਚਿਆਂ ਨਾਲ ਖੇਡੋ। ਇੱਕ ਮਹੀਨੇ ਵਿੱਚ ਤੁਸੀਂ ਉਹਨਾਂ ਦੇ ਵਿਹਾਰ ਵਿੱਚ ਤਬਦੀਲੀ ਦੇਖੋਗੇ। ਵਿਨੀਪੈੱਗ ਰੀਜਨਲ ਹੈਲਥ ਅਥਾਰਟੀ ਦੇ ਮਾਹਿਰਾਂ ਦਾ ਵੀ ਇਹੀ ਮੰਨਣਾ ਹੈ ਕਿ ਜ਼ਿਆਦਾ ਸਕਰੀਨ ਦੇਖਣ ਨਾਲ ਹੋਰ ਬਿਮਾਰੀਆਂ ਦੇ ਨਾਲ-ਨਾਲ ਬੱਚੇ ਨੂੰ ਸੋਸਾਇਟੀ ਵਿੱਚ ਨਾ ਵਿਚਰਨਾ ਆਉਣਾ ਮੁਸ਼ਕਿਲਾਂ ਨੂੰ ਹੱਲ ਕਰਨ ਦੀ ਅਸਮਰੱਥਾ ਅਤੇ ਇੱਕ ਦਮ ਗੁੱਸਾ ਆਉਣਾ ਆਦਿ ਅਲਾਮਤਾਂ ਵੀ ਚਿੰਬੜ ਜਾਂਦੀਆਂ ਹਨ।

ਹੇਠਾਂ ਦਿੱਤੇ ਕੁਝ ਨੁਕਤੇ ਵਰਤ ਕੇ ਤੁਸੀਂ ਬੱਚੇ ਦਾ (ਅਤੇ ਆਪਣਾ ਵੀ) ਸਕਰੀਨ ਟਾਈਮ ਘਟਾ ਸਕਦੇ ਹੋ -

* ਬੱਚੇ ਲਈ ਰੋਲ ਮਾਡਲ ਬਣੋ। ਇਹ ਔਖਾ ਹੈ, ਪਰ ਕਰਨਾ ਪੈਣਾ ਹੈ। ਜੇ ਬੱਚੇ ਤੁਹਾਨੂੰ ਕਿਤਾਬ ਪੜ੍ਹਦਿਆਂ, ਬਾਹਰ ਕੁਝ ਨਾ ਕੁਝ ਖੇਡਦਿਆਂ ਘਰ ਤੋ ਬਹਾਰ ਵਾਲੀ ਖੇਡ ਜਾਂ ਘਰ ਦਾ ਕੰਮ ਕਾਜ ਕਰਦਿਆਂ ਦੇਖਣਗੇ, ਤਾਂ ਉਹ ਵੀ ਉਵੇਂ ਹੀ ਕਰਨਗੇ, ਪਰ ਜੇ ਬੱਚੇ ਤੁਹਾਨੂੰ ਫੋਨ, ਆਈਪੈਡ, ਟੀ।ਵੀ। ਆਦਿ ਦੇਖਦੇ ਦੇਖਣਗੇ, ਤਾਂ ਉਹ ਵੀ ਸਕਰੀਨ 'ਤੇ ਜ਼ਿਆਦਾ ਸਮਾਂ ਲਗਾਉਣਗੇ।

* ਆਪਣਾ ਮਾਂ-ਬਾਪ ਵਾਲਾ ਫਰਜ਼ ਨਿਭਾਓ। ਬੱਚਿਆਂ ਦੀਆਂ ਚੰਗੀਆਂ ਆਦਤਾਂ ਨੂੰ ਉਤਸ਼ਾਹਿਤ ਕਰੋ ਅਤੇ ਮਾੜੀਆਂ ਆਦਤਾਂ ਨੂੰ ਰੋਕੋ, ਚਾਹੇ ਤੁਹਾਨੂੰ ਇਹਦੇ ਲਈ ਥੋੜ੍ਹੀ ਸਖਤੀ ਕਰਨੀ ਪਏ। ਉਹਨਾਂ ਨੂੰ ਸਮਝਾਓ ਕਿ ਤੁਸੀਂ ਉਹਨਾਂ ਨੂੰ ਕਿਉਂ ਰੋਕ ਰਹੇ ਹੋ।

* ਬੱਚਿਆਂ ਦਾ (ਅਤੇ ਆਪਣਾ ਵੀ) ਸਕਰੀਨ ਦੇਖਣ ਦਾ ਸਮਾਂ ਨਿਰਧਾਰਤ ਕਰੋ ਕਿ ਤੁਸੀਂ ਕਿੰਨਾ ਵੱਧ ਤੋਂ ਵੱਧ ਸਮਾਂ ਸਕਰੀਨ 'ਤੇ ਗੁਜ਼ਾਰ ਸਕਦੇ ਹੋ। ਫੋਨ 'ਤੇ ਤੁਸੀਂ ਅਜਿਹੀ ਕੋਈ ਐਪ ਡਾਊਨਲੋਡ ਕਰ ਸਕਦੇ ਹੋ, ਜਿਸ ਨਾਲ ਤੁਹਾਨੂੰ ਪਤਾ ਲਗਦਾ ਹੈ ਕਿ ਤੁਸੀਂ ਇੱਕ ਦਿਨ ਵਿੱਚ ਕਿੰਨਾ ਸਮਾਂ ਫੋਨ 'ਤੇ ਬਿਤਾਇਆ। ਆਈ ਫੋਨ ਲਈ ਅਜਿਹੀ ਐਪ ਦਾ ਨਾਂ ਮੋਮੈਂਟ ਹੈ।

* ਬੱਚਿਆਂ ਨਾਲ ਖੇਡੋ, ਕਿਤਾਬਾਂ ਪੜ੍ਹੋ, ਉਹਨਾਂ ਨਾਲ ਗੱਲਾਂ ਬਾਤਾਂ ਕਰੋ।

* ਆਪਣੇ ਬੱਚਿਆਂ ਦੇ ਵਰਤਾਓ ਵਿੱਚ ਤਬਦੀਲੀ ਨੋਟ ਕਰੋ। ਜ਼ਿਆਦਾ ਸਕਰੀਨ ਦੇਖਣ ਨਾਲ ਬੱਚੇ ਖਿਝਣ ਲੱਗ ਜਾਂਦੇ ਹਨ। ਉਹਨਾਂ ਨੂੰ ਉਸੇ ਵਕਤ ਦੱਸੋ ਕਿ ਇਹ ਠੀਕ ਨਹੀਂ।

* ਇੱਕ ਸਰਵੇ ਵਿੱਚ ਦੇਖਿਆ ਗਿਆ ਹੈ ਕਿ ਜ਼ਿਆਦਾਤਰ ਪਰਿਵਾਰਾਂ ਵਿੱਚ ਖਾਣਾ ਖਾਣ ਸਮੇਂ ਲੋਕ ਟੀ।ਵੀ। ਦੇਖਦੇ ਹਨ। ਇਸ ਰੁਝਾਨ ਨੂੰ ਨਕੇਲ ਪਾਉਣ ਦੀ ਜ਼ਰੂਰਤ ਹੈ। ਖਾਣੇ ਦੇ ਟੇਬਲ 'ਤੇ ਜਦੋਂ ਸਾਰਾ ਪਰਿਵਾਰ ਇਕੱਠਾ ਹੁੰਦਾ ਹੈ ਤਾਂ ਇਹ ਕੀਮਤੀ ਸਮਾਂ ਆਪਸ ਵਿੱਚ ਗੱਲਾਂ ਕਰਨ ਲਈ ਹੋਣਾ ਚਾਹੀਦਾ ਹੈ ਨਾ ਕਿ ਮੂੰਹ ਚਲਾਉਂਦੇ ਹੋਏ ਟੀ।ਵੀ। ਸਕਰੀਨ ਵੱਲ ਦੇਖਣ ਦਾ। ਖਾਣ ਸਮੇਂ ਟੀ।ਵੀ। ਦਾ ਸਵਿੱਚ ਬੰਦ ਕਰਨ ਵਿੱਚ ਹੀ ਭਲਾਈ ਹੈ।

* ਬੱਚਿਆਂ ਦੇ ਬੈੱਡਰੂਮ ਵਿੱਚ ਕਦੇ ਵੀ ਟੀ।ਵੀ। ਨਹੀਂ ਹੋਣਾ ਚਾਹੀਦਾ ਅਤੇ ਕੋਸ਼ਿਸ਼ ਕਰੋ ਕਿ ਤੁਹਾਡੇ ਬੈੱਡਰੂਮ ਵਿੱਚ ਵੀ ਨਾ ਹੋਵੇ।

ਯਕੀਨਨ ਸਕਰੀਨ ਨੂੰ ਅਸੀਂ ਆਪਣੀ ਅਤੇ ਆਪਣੇ ਬੱਚਿਆਂ ਦੀ ਜ਼ਿੰਦਗੀ 'ਚੋਂ ਮਨਫੀ ਤਾਂ ਨਹੀਂ ਕਰ ਸਕਦੇ, ਪਰ ਸਕਰੀਨ ਟਾਈਮ 'ਤੇ ਕੰਟਰੋਲ ਕਰਨਾ ਹੁਣ ਇੱਕ ਜ਼ਰੂਰਤ ਬਣ ਗਿਆ ਹੈ। ਜੇ ਤੁਸੀਂ ਹਾਲੀਂ ਇਹਦੇ ਬਾਰੇ ਨਹੀਂ ਸੋਚਿਆ ਤਾਂ ਦੇਰੀ ਨਾ ਕਰੋ...!!

*-ਵਿਜੈ ਗਰਗ*
*ਸਾਬਕਾ ਪੀਈਐਸ-1*
*ਸੇਵਾ ਮੁਕਤ ਪ੍ਰਿੰਸਪਲ*
*ਮਲੋਟ*

# ਆਉਣ ਵਾਲੇ ਸਮੇਂ ਵਿਚ ਬੱਚਿਆਂ ਦੀ ਚਿੰਤਾ

ਮਹਾਂਮਾਰੀ ਦੇ ਲੰਮੇ ਅਰਸੇ ਤੋਂ ਬਾਅਦ ਬਹੁਤੇ ਰਾਜਾਂ ਵਿੱਚ ਸਕੂਲ ਖੁੱਲ੍ਹ ਗਏ ਹਨ। ਹਾਲਾਂਕਿ ਅਜੇ ਵੀ ਬਹੁਤ ਸਾਰੇ ਰਾਜਾਂ ਵਿੱਚ ਛੋਟੀਆਂ ਕਲਾਸਾਂ ਸ਼ੁਰੂ ਨਹੀਂ ਹੋਈਆਂ ਹਨ। ਇਸ ਦੇ ਪਿੱਛੇ ਮੁੱਖ ਕਾਰਨ ਲਾਗ ਦੇ ਦੁਬਾਰਾ ਫੈਲਣ ਦੀ ਸੰਭਾਵਨਾ ਹੈ। ਇਹ ਮੰਨਿਆ ਜਾਂਦਾ ਹੈ ਕਿ ਭੀੜ ਵਿੱਚ ਅਚਾਨਕ ਵਾਧੇ ਦੇ ਕਾਰਨ ਬੱਚਿਆਂ ਨੂੰ ਲਾਗ ਨਹੀਂ ਲੱਗਣੀ ਚਾਹੀਦੀ। ਹਾਲਾਂਕਿ, ਸਮੇਂ ਸਮੇਂ ਤੇ ਮਹਾਂਮਾਰੀ ਵਿਗਿਆਨੀਆਂ ਨੇ ਇਸ ਖਦਸ਼ੇ ਨੂੰ ਖਾਰਜ ਕਰ ਦਿੱਤਾ ਹੈ। ਦੂਜੀ ਲਹਿਰ ਦੇ ਫੈਲਣ ਦੇ ਹੌਲੀ ਹੋਣ ਤੋਂ ਬਾਅਦ, ਮਾਹਰਾਂ ਦੇ ਸੁਝਾਅ ਆਏ ਕਿ ਜਿੱਥੇ ਲਾਗ ਦਾ ਫੈਲਣਾ ਕਮਜ਼ੋਰ ਹੋ ਗਿਆ ਹੈ, ਸਕੂਲ ਸਾਵਧਾਨੀ ਨਾਲ ਖੋਲ੍ਹੇ ਜਾ ਸਕਦੇ ਹਨ। ਇਸ ਤੋਂ ਬਾਅਦ, ਜੁਲਾਈ ਵਿੱਚ, ਰਾਜਸਥਾਨ, ਹਿਮਾਚਲ ਪ੍ਰਦੇਸ਼, ਗੁਜਰਾਤ, ਮੱਧ ਪ੍ਰਦੇਸ਼, ਤੇਲੰਗਾਨਾ, ਛੱਤੀਸਗੜ੍ਹ, ਬਿਹਾਰ, ਪੰਜਾਬ ਵਰਗੇ ਕਈ ਰਾਜਾਂ ਨੇ ਪੜਾਅਵਾਰ ਤਰੀਕੇ ਨਾਲ ਸਕੂਲ ਖੋਲ੍ਹਣ ਵੱਲ ਕਦਮ ਵਧਾਏ। ਪਹਿਲੇ ਪੜਾਅ ਵਿੱਚ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਕੂਲ ਆਉਣ ਦੀ ਇਜਾਜ਼ਤ ਦਿੱਤੀ ਗਈ ਸੀ। ਕੁਝ ਰਾਜਾਂ ਵਿੱਚ ਵੱਧ ਰਹੇ ਮਾਮਲਿਆਂ ਦੇ ਮੱਦੇਨਜ਼ਰ ਕਈ ਰਾਜਾਂ ਨੂੰ ਅੱਠਵੀਂ ਕਲਾਸ ਤੱਕ ਕਲਾਸਾਂ ਨਾ ਬੁਲਾਉਣ ਦਾ ਫੈਸਲਾ ਲੈਣਾ ਪਿਆ।

ਬਾਰਾਂ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਵੀ ਸੰਕਰਮਣ ਫੈਲਣ ਦਾ ਵਧੇਰੇ ਖਤਰਾ ਮੰਨਿਆ ਜਾਂਦਾ ਹੈ ਕਿਉਂਕਿ ਇਸ ਉਮਰ ਸਮੂਹ ਦੇ ਬੱਚਿਆਂ ਦਾ ਟੀਕਾਕਰਨ ਅਜੇ ਸ਼ੁਰੂ ਨਹੀਂ ਹੋਇਆ ਹੈ। ਫਿਰ ਬਾਰ ਬਾਰ ਤੀਜੀ ਲਹਿਰ ਦਾ ਡਰ ਵੀ ਉੱਠਿਆ। ਇਸ ਕਾਰਨ ਬੱਚਿਆਂ ਵਿੱਚ ਸਕੂਲ ਭੇਜਣ ਨੂੰ ਲੈ ਕੇ ਲੋਕਾਂ ਵਿੱਚ ਡਰ ਬਣਿਆ ਹੋਇਆ ਸੀ। ਹਾਲਾਂਕਿ, ਹੁਣ ਭਾਰਤ ਵਿੱਚ ਬੱਚਿਆਂ ਦੇ ਟੀਕੇ ਵੀ ਲਗਭਗ ਤਿਆਰ ਹਨ ਅਤੇ ਜਲਦੀ ਹੀ ਸ਼ੁਰੂ ਹੋ ਜਾਣਗੇ। ਪਰ ਦੇਸ਼ ਭਰ ਵਿੱਚ ਬੱਚਿਆਂ ਦਾ ਟੀਕਾਕਰਨ ਕਰਨ ਵਿੱਚ ਲੰਬਾ ਸਮਾਂ ਲੱਗੇਗਾ। ਅਜਿਹੇ ਵਿੱਚ ਸਵਾਲ ਇਹ ਹੈ ਕਿ ਕਦੋਂ ਤੱਕ ਬੱਚਿਆਂ ਨੂੰ ਸਕੂਲ ਨਹੀਂ ਭੇਜਣਾ ਚਾਹੀਦਾ? ਇਸ ਸਬੰਧ ਵਿੱਚ ਵਿਸ਼ਵ ਬੈਂਕ ਦੀ ਇੱਕ ਤਾਜ਼ਾ ਰਿਪੋਰਟ ਦਿਲਾਸਾ ਦਿੰਦੀ ਜਾਪਦੀ ਹੈ। ਇਹ ਰਿਪੋਰਟ ਕਹਿੰਦੀ ਹੈ ਕਿ ਜੇ ਬੱਚਿਆਂ ਨੂੰ ਵੱਡੇ ਪੱਧਰ 'ਤੇ ਟੀਕਾ ਨਹੀਂ ਲਗਾਇਆ ਜਾਂਦਾ, ਤਾਂ ਵੀ ਕੋਈ ਖ਼ਤਰਾ ਨਹੀਂ ਹੁੰਦਾ। ਰਿਪੋਰਟ ਵਿੱਚ ਇਸ ਗੱਲ ਤੇ ਜ਼ੋਰ ਦਿੱਤਾ ਗਿਆ ਹੈ ਕਿ ਬੱਚਿਆਂ ਨੂੰ ਘਰ ਵਿੱਚ ਆਨਲਾਈਨ ਪੜ੍ਹਾਈ ਦੇ ਦੁਸ਼ਟ ਚੱਕਰ ਵਿੱਚੋਂ ਬਾਹਰ ਕੱਢਣਾ ਜ਼ਰੂਰੀ ਹੈ, ਕਿਸੇ ਵੀ ਤਰੀਕੇ ਨਾਲ। ਇਸ ਕਾਰਨ ਬੱਚੇ ਸਰੀਰਕ ਅਤੇ ਮਾਨਸਿਕ ਰੂਪ ਤੋਂ ਬਿਮਾਰ ਹੋ ਰਹੇ ਹਨ। ਉਦਾਸੀ, ਚਿੰਤਾ, ਹਿੰਸਾ ਵਰਗੀਆਂ ਗੰਭੀਰ ਸਮੱਸਿਆਵਾਂ ਉਨ੍ਹਾਂ ਨੂੰ ਘੇਰ ਰਹੀਆਂ ਹਨ। ਖੁਦਕੁਸ਼ੀਆਂ ਦੀਆਂ ਘਟਨਾਵਾਂ ਵਧ ਰਹੀਆਂ ਹਨ। ਇਸ ਲਈ, ਲਾਗ ਨਾਲੋਂ ਵੱਡਾ ਖਤਰਾ ਹੁਣ ਮਹਾਂਮਾਰੀ ਦਾ ਖਤਰਾ ਬਣ ਗਿਆ ਹੈ।

ਇਹ ਸੱਚ ਹੈ ਕਿ ਮਹਾਂਮਾਰੀ ਦਾ ਖਤਰਾ ਪਹਿਲਾਂ ਨਾਲੋਂ ਵੀ ਜ਼ਿਆਦਾ ਗੰਭੀਰ ਸੀ ਕਿਉਂਕਿ ਕਿਸੇ ਨੂੰ ਵੀ ਇਸਦੇ ਮੂਲ, ਫੈਲਣ ਅਤੇ ਇਲਾਜ ਬਾਰੇ ਕੁਝ ਨਹੀਂ ਪਤਾ ਸੀ। ਪਰ ਹੁਣ ਇਸ ਬਾਰੇ ਬਹੁਤ ਕੁਝ ਸਾਹਮਣੇ ਆਇਆ ਹੈ। ਟੀਕਾਕਰਣ ਵੱਡੇ ਪੱਧਰ 'ਤੇ ਹੋ ਰਿਹਾ ਹੈ। ਲੋਕਾਂ ਨੇ ਡਰ ਤੋਂ ਬਚਾਅ ਦੇ ਉਪਾਅ ਵੀ ਅਪਣਾਉਣੇ ਸ਼ੁਰੂ ਕਰ ਦਿੱਤੇ ਹਨ। ਡੇ ਅਨਦ ਸਾਲ ਦੇ ਤਜ਼ਰਬੇ ਨੇ ਮੈਨੂੰ ਮਹਾਂਮਾਰੀ ਅਤੇ ਇਸ ਤੋਂ ਪੈਦਾ ਹੋਏ ਸੰਕਟਾਂ ਨਾਲ ਨਜਿੱਠਣ ਬਾਰੇ ਬਹੁਤ ਕੁਝ ਸਿੱਖਣ ਦਾ ਮੌਕਾ ਦਿੱਤਾ ਹੈ। ਹਾਲਾਂਕਿ ਛੋਟੇ ਬੱਚਿਆਂ ਦੇ ਨਾਲ ਵਿਹਾਰਕ ਮੁਸ਼ਕਲਾਂ ਹੋ ਸਕਦੀਆਂ ਹਨ, ਹੁਣ ਸਾਡੇ ਕੋਲ ਉਨ੍ਹਾਂ ਨੂੰ ਦੂਰ ਕਰਨ ਦੇ ਤਰੀਕੇ ਹਨ। ਜੇ ਸਕੂਲਾਂ ਵਿੱਚ ਸਾਵਧਾਨੀ ਵਰਤੀ ਜਾਂਦੀ ਹੈ ਅਤੇ ਬੱਚਿਆਂ ਵਿੱਚ ਕੋਰੋਨਾ ਰੋਕੂ ਵਿਵਹਾਰ ਦੀ ਪਾਲਣਾ ਕਰਨ ਦੀ ਆਦਤ ਪਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ, ਤਾਂ ਉਨ੍ਹਾਂ ਨੂੰ ਸਕੂਲ ਭੇਜਣ ਤੋਂ ਡਰਨ ਦੀ ਕੋਈ ਗੱਲ ਨਹੀਂ ਹੈ। ਬੱਚਿਆਂ ਦੇ ਵਿਕਾਸ ਅਤੇ ਸ਼ਖਸੀਅਤ ਨਿਰਮਾਣ ਵਿੱਚ ਸਕੂਲ ਜੋ ਭੂਮਿਕਾ ਨਿਭਾਉਂਦੇ ਹਨ ਉਹ ਘਰ ਬੈਠੇ ਆਨਲਾਈਨ ਸਿੱਖਿਆ ਪ੍ਰਣਾਲੀ ਵਿੱਚ ਸੰਭਵ ਨਹੀਂ ਹੈ। ਇਸ ਲਈ, ਹੁਣ ਸਕੂਲ ਖੋਲ੍ਹਣ ਵਿੱਚ ਕੋਈ ਝਿਜਕ ਨਹੀਂ ਹੋਣੀ ਚਾਹੀਦੀ। ਨਿਯਮਾਂ ਦੀ ਮਿਆਰੀ ਪ੍ਰਕਿਰਿਆ ਦੀ ਪਾਲਣਾ ਕਰਨਾ ਨਿਸ਼ਚਤ ਕਰੋ, ਇਹ ਵੇਖਣਾ ਬਾਕੀ ਹੈ।

*-ਵਿਜੈ ਗਰਗ*
*ਸਾਬਕਾ ਪੀਈਐਸ -1*
*ਸਿੱਖਿਆ ਸ਼ਾਸਤਰੀ*
*ਰਿਟਾਇਰਡ ਪ੍ਰਿੰਸੀਪਲ*
*ਮਲੋਟ।*

# ਹਰਜੀਤ ਬਾਜਵਾ ਦੇ ਨਵੇਂ ਗੀਤ 'ਧੋਖਾ' ਦੀ ਹੋ ਰਹੀ ਕਾਫ਼ੀ ਚਰਚਾ

ਬੀਤੇ ਦਿਨੀਂ ਰੀਲੀਜ਼ ਹੋਇਆ ਹਰਜੀਤ ਬਾਜਵਾ ਦਾ ਨਵਾਂ ਗੀਤ ਜਿਸ ਦੁ ਮੁਖੜੇ "ਆਹ ਕੀ ਭਾਣਾ ਵਰਤਾਇਆ ਨੀ, ਖਾ ਲਿਆ ਮੇਰੀ ਕੁੱਖ ਦਾ ਜਾਇਆ ਨੀ" ਅੱਜਕੱਲ੍ਹ ਲੋਕਾਂ ਵਿਚ ਕਾਫ਼ੀ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਇਸ ਦਾ ਕਾਰਨ ਇਸ ਦੇ ਬੋਲਾਂ ਦਾ ਸਮਾਜ ਵਿਚ ਚੱਲ ਰਹੀ ਅਜੋਕੀ ਸਮੱਸਿਆ ਨੂੰ ਤੀਬਰਤਾ ਨਾਲ ਛੋਹਣਾ ਹੈ। ਲੱਖਾਂ ਰੁਪਏ ਖ਼ਰਚ ਕਰਕੇ ਵਿਦੇਸ਼ਾਂ ਵਿਚ ਭੇਜੀਆਂ ਗਈਆਂ ਨੂੰਹਾਂ ਜਦੋਂ ਆਪਣੇ ਪਤੀਆਂ ਨੂੰ ਭੁੱਲ ਜਾਂਦੀਆਂ ਹਨ ਤਾਂ ਉਨ੍ਹਾਂ ਵਿਚਾਰਿਆਂ ਦੀ ਘੋਰ ਨਿਰਾਸ਼ਾ ਵਿਚ ਜਾ ਕੇ ਖ਼ੁਦਕਸ਼ੀਆਂ ਕਰਨ ਦੀ ਨੌਬਤ ਆ ਜਾਂਦੀ ਹੈ। ਅਜਿਹੀਆਂ ਮੰਦ-ਭਾਗੀਆਂ ਘਟਨਾਵਾਂ ਬੀਤੇ ਦਿਨਾਂ ਵਿਚ ਲਵਪ੍ਰੀਤ ਵਰਗੇ ਕਈਆਂ ਪਤੀਆਂ ਨਾਲ ਵਾਪਰੀਆਂ ਹਨ। ਇਹ ਇਕੱਲੇ ਲਵਪ੍ਰੀਤ ਦੀ ਹੋਣੀ ਨਹੀਂ ਹੈ, ਸਗੋਂ ਉਹਦੇ ਵਰਗੇ ਕਈ ਹੋਰ ਅਜਿਹੇ ਵਰਤਾਰੇ ਦਾ ਸ਼ਿਕਾਰ ਹੋਏ ਹਨ।



ਹਰਜੀਤ ਬਾਜਵਾ

ਇਸ ਸੰਵੇਦਨਸ਼ੀਲ ਮੁੱਦੇ 'ਤੇ ਲਿਖੇ ਗਏ ਹਰਜੀਤ ਬਾਜਵਾ ਦੇ ਇਸ ਖ਼ੂਬਸੂਰਤ ਗੀਤ ਦੀ ਹਰ ਪਾਸਿਉਂ ਸਰਾਹਨਾ ਹੋ ਰਹੀ ਹੈ।

ਇਸ ਗੀਤ ਨੂੰ ਕੁਲਦੀਪ ਤੂਰ ਤੇ ਕਿਰਨ ਕੌਰ ਦੀ ਗਾਇਕ ਜੋੜੀ ਨੇ ਆਪਣੀਆਂ ਸੁਰੀਲੀਆਂ ਆਵਾਜ਼ਾਂ ਵਿਚ ਬੜੇ ਰੂਹ ਨਾਲ ਗਾਇਆ ਹੈ ਅ ਸੰਗੀਤ ਰਾਜਿੰਦਰ ਸਿੰਘ ਰਾਜ ਵੱਲੋਂ ਦਿੱਤਾ ਗਿਆ ਹੈ। ਗੀਤ ਦੇ ਪਹਿਲੇ ਬੰਦ ਵਿਚ ਵਦਿਸ਼ ਗਈ ਨੂੰਹ ਦੀ ਸੱਸ ਜਦੋਂ "ਇਕ ਮਾਂ ਦਾ ਦਿਲ ਤੜਪਾ ਕੇ ਦੱਸ ਸੁੱਖ ਕਿਹੜਾ ਪਾ ਲੈਂਗੀ" ਦਾ ਵਿਰਲਾਪ ਕਰਦੀ ਹੈ ਤਾਂ ਇਸ ਦੀ ਡੂੰਘੀ ਛਾਪ ਸਰੋਤਿਆਂ ਦੇ ਮਨ 'ਤੇ ਪੈਂਦੀ ਹੈ। ਏਸੇ ਤਰ੍ਹਾਂ ਦੂਸਰੇ ਬੰਦ ਵਿਚ ਉਸ ਦਾ ਸਹੁਰਾ ਇੰਜ ਹੀ ਆਪਣੇ ਸ਼ਬਦਾਂ ਵਿਚ ਉਸ ਨੂੰ ਸੰਬੋਧਿਤ ਹੁਦਾ ਹੈ।ਤੀਸਰੇ ਬੰਦ ਵਿਚ ਉਸ ਦੀ ਨਣਾਨ (ਮਰਹੂਮ ਦੀ ਭੈਣ) ਆਪਣੀ ਰੱਖੜੀ ਦੇ ਮਾਧਿਅਮ ਰਾਹੀਂ ਉਸ ਨੂੰ ਮੁਖ਼ਾਤਿਬ ਹੁੰਦੀ ਹੈ ਅਤੇ ਆਖ਼ਰੀ ਬੰਦ ਵਿਚ ਮੁੰਡੇ ਦੇ ਦੋਸਤ ਜਦੋਂ ਉਸ ਨੂੰ ਕਹਿੰਦੇ ਹਨ, "ਉਹਦੇ ਯਾਰਾਂ ਦਾ ਦਿਲ ਤੜਪਾ ਕੇ ਦੱਸ ਸੁੱਖ ਕਿਹੜਾ ਪਾ ਲੈਂਗੀ" ਤਾਂ ਇਸ ਨੂੰ ਇਸ ਗੀਤ ਦਾ ਕਲਾਮੈਕਸਕਿਹਾ ਜਾ ਸਕਦਾ ਹੈ।

ਹਰਜੀਤ ਬਾਜਵਾ ਪੇਸ਼ੇ ਵਜੋਂ ਟਰੱਕ ਡਰਾਈਵਰ ਹੈ ਅਤੇ ਇਸ ਵਿਚ ਉਹ ਚੰਗੀ ਰੋਟੀ ਕਮਾ ਕੇ ਆਪਣੇ ਪਰਿਵਾਰ ਦੀ ਵਧੀਆ ਪਾਲਣ-ਪੋਸਣ ਕਰ ਰਿਹਾ ਹੈ। ਇਸ ਦੇ ਨਾਲ ਹੀ ਉਸ ਨੂੰ ਸਮਾਜਿਕ ਸਰੋਕਾਰਾਂ ਨਾਲ ਜੁੜੇ ਗੀਤ ਅਤੇ ਕਵਿਤਾਵਾਂ ਲਿਖਣ ਦਾ ਸ਼ੌਕ ਹੈ ਅਤੇ ਸਾਹਿਤਕ ਮਹਿਫ਼ਲਾਂ ਵਿਚ ਉਹ ਇਨ੍ਹਾਂ ਨੂੰ ਆਪਣੇ ਮਿੱਤਰਾਂ ਨਾਲ ਸਾਂਝੇ ਵੀ ਕਰਦਾ ਹੈ। ਉਹ ਹੁਣ ਤੀਕ 200 ਦੇ ਕਰੀਬ ਗੀਤ ਲਿਖ ਚੁੱਕਾ ਹੈ ਅਤੇ ਉਸ ਦੇ ਗੀਤ ਸੁਰਿੰਦਰ ਛਿੰਦਾ ਅਤੇ ਨਿਰਮਲ ਨਿੰਮਾ ਵਰਗੇ ਗਾਇਕਾਂ ਨੇ ਆਪਣੀਆਂ ਕਲਾਤਮਿਕ ਆਵਾਜ਼ਾਂ ਵਿਚ ਗਾਏ ਹਨ। ਇਹ ਗੀਤ ਲੋਕਾਂ ਵਿਚ ਕਾਫ਼ੀ ਹਰਮਨ-ਪਿਆਰੇ ਹੋਏ ਹਨ। ਉਮੀਦ ਕੀਤੀ ਜਾਂਦੀ ਹੈ ਕਿ ਇਹ ਗੀਤ 'ਧੋਖਾ' ਵੀ ਲੋਕਾਂ ਵੱਲੋਂ ਉਸ ਦੇ ਪਹਿਲੇ ਗੀਤਾਂ ਵਾਂਗ ਪਸੰਦ ਕੀਤਾ ਜਾਏਗਾ।

ਹਰਜੀਤ ਬਾਜਵਾ ਦੀ ਕਲਮ ਨੂੰ ਸਲਾਮ ਹੈ ਜੋ ਏਨੇ ਵਧੀਆ ਗੀਤਾਂ ਦੀ ਰਚਨਾ ਕਰ ਰਹੀ ਹੈ। ਸਾਂਲਾ! ਇਹ ਕਲਮ ਸਲਾਮਤ ਰਹੇ ਤੇ ਇਹ ਇੰਜ ਹੀ ਚੱਲਦੀ ਰਹੇ।

*-ਡਾ. ਸੁਖਦੇਵ ਸਿੰਘ ਝੰਡ*
*ਫ਼ੋਨ: 647-567-9128*

# ਮੇਰੇ ਬਚਪਨ ਵਾਲੀ ਸਾਂਝੀ ਮਾਈ ...



ਦੋਸਤੋਂ ਨਰਾਤਿਆਂ ਦੇ ਆਉਣ ਤੋਂ ਕੁੱਝ ਦਿਨ ਪਹਿਲਾ ਪਿੰਡਾਂ ਵਿੱਚ ਬੱਚਿਆਂ ਵਿੱਚ ਖ਼ਾਸ ਕਰ ਕਰਕੇ ਕੁੜੀਆਂ ਵਿੱਚ ਸਾਂਝੀ ਮਾਈ ਦੀ ਤਿਆ੍ਰੀ ਸ਼ੁਰੂ ਹੋ ਜਾਂਦੀ ਹੈ।ਇਹ ਰੌਣਕ ਕਿਸੇ ਇੱਕ ਦੇ ਘਰ ਜਾਂ ਸਾਂਝੀ ਥਾਂ ਵਿੱਚ ਲੱਗਦੀ ਹੈ।ਮੈਨੂੰ ਵੀ ਅਸੀਂ ਆਪਣੇ ਬਚਪਨ ਦੀ ਸਾਂਝੀ ਮਾਈ ਯਾਦ ਆ ਗਈ ਹੈ।ਜਦੋਂ ਅਕਤੂਬਰ ਮਹੀਨਾ ਆਉਣ ਵਾਲਾ ਹੁੰਦਾ ਸੀ ਜਾਂ ਦੁਸਹਿਰੇ ਦੇ ਤਿਉਹਾਰ ਬਾਰੇ ਪਤਾ ਲੱਗ ਜਾਂਦਾ ਸੀ ਤਾਂ ਮਹੀਨਾ ਪਹਿਲਾ ਹੀ ਅਸੀਂ ਸਾਰੇ ਰਲ ਕੇ ਘਰ ਦੇ ਕੋਲੋਂ ਟੋਭੇ ਵਿੱਚੋਂ ਚੀਕਣੀ ਮਿੱਟੀ ਪੁੱਟਣ ਚਲੇ ਜਾਂਦੇ ਸੀ ਉਸ ਸਮੇਂ ਮਿੱਟੀ ਘਰ ਦੇ ਨੇੜੇ ਟੋਭੇ ਦੀ ਪੱਤਣ 'ਤੇ ਹੀ ਮਿਲਦੀ ਸੀ।ਸਾਰੇ ਆਂਢ ਗੁਆਂਢ ਦੇ ਬੱਚੇ ਖ਼ਾਸਕਰ ਕੁੜੀਆਂ ਸਾਰੀਆਂ ਇਕੱਠੀਆਂ ਹੋਕੇ ਮਿੱਟੀ ਲੈਣ ਚਲੀਆਂ ਜਾਂਦੀਆਂ ।ਇਹ ਸਾਰਾ ਸਮਾਨ ਉਸ ਘਰ ਵਿੱਚ ਰੱਖਿਆਂ ਹੁੰਦਾ ਸੀ ਜਿੰਨਾਂ ਨੇ ਸਾਂਝੀ ਮਾਈ ਦੀ ਸੁੱਖ ਸੁੱਖੀ ਹੁੰਦੀ ਸੀ ।ਚੀਕਣੀ ਮਿੱਟੀ ਨੂੰ ਕੁੱਟ ਕੇ ਛਾਣ ਕੇ ਆਟੇ ਵਾਂਗ ਗੁੰਨ ਲੈਂਦੇ ਸੀ ਤੇ ਫਿਰ ਉਸਦੇ ਤਾਰੇ ਬਣਾਉਂਦੇ ਸੀ ਛੋਟਿਆਂ ਬੱਚਿਆਂ ਨੂੰ ਤਾਰੇ ਨਹੀਂ ਆਉਂਦੇ ਸਨ ਤਾਂ ਉਹਨਾਂ ਨੂੰ ਤਾਰੇ ਧੁੱਪੇ ਸੁੱਕਣੇ ਪਾਉਣ ਦਾ ਕੰਮ ਦਿੱਤਾ ਜਾਂਦਾ ਸੀ।ਸਕੂਲੋਂ ਆਉਣ ਸਾਰ ਸ਼ਾਮ ਦੇ ਚਾਰ ਵਜੇ ਹੀ ਤਾਰੇ ਬਣਾਉਣ ਲੱਗ ਜਾਂਦੇ ਸੀ।ਸਾਂਝੀ ਮਾਈ ਦੇ ਲਈ ਲੋੜੀਦੇ ਸਮਾਨ ਲਈ ਸਾਰਿਆਂ ਤੋਂ ਥੋੜ੍ਹੇ ਬਹੁਤੇ ਪੈਸੇ ਜਾਂ ਦਾਣੇ ਇਕੱਠੇ ਕੀਤੇ ਜਾਂਦੇ ਸੀ।ਸਾਰੇ ਜਾਣੇ ਰਲ ਕੇ ਹੀ ਸਾਂਝੀ ਮਾਈ ਤਿਆਰ ਕਰਦੇ ਸੀ।ਅੱਜ ਵੀ ਉਸੇ ਤਰ੍ਹਾਂ ਹੀ ਸਾਂਝੀ ਮਾਈ ਦੇ ਸਾਰੇ ਅੰਗ ਬਣਾਏ ਜਾਂਦੇ ਹਨ।ਮੂੰਹ ਉੱਪਰ ਕੋਡੀਆਂ ਜਾ ਕੱਚ ਦੀਆਂ ਗੋਲ਼ੀਆਂ ਲਗਾਈਆਂ ਜਾਂਦੀਆਂ ਹਨ।ਸਾਰੇ ਗਹਿਣੇ ਵੀ ਬਣਾਏ ਜਾਂਦੇ ਹਨ।ਇਹ ਸਾਰੇ ਅੰਗ ਚੰਦ, ਸੂਰਜ, ਤਾਰੇ ਗਹਿਣੇ ਸੁੱਕ ਜਾਂਦੇ ਹਨ।ਤਾਂ ਇਹਨਾਂ ਨੂੰ ਕਲੀ ਕੀਤੀ ਜਾਦੀ ਹੈ।ਪਹਿਲਾ ਨਰਾਤੇ ਵਾਲੇ ਦਿਨ ਘਰ ਦੀ ਇੱਕ ਕੰਧ ਤੇ ਪਹਿਲਾ ਗੋਹਾ ਮਿਟੀ ਥੱਪਿਆ ਜਾਂਦਾ ਹੈ। ਫਿਰ ਉਸ ਉਪਰ ਸਾਂਝੀ ਮਾਈ ਤੇ ਤਾਰੇ ਵੀ ਚਿਪਕਾ ਦਿੱਤੇ ਜਾਂਦੇ ਹਨ।ਸਾਂਝੀ ਮਾਈ ਉੱਤੇ ਗੋਟੇ ਵਾਲੀ ਲਾਲ ਚੁੰਨੀ ਦਿੱਤੀ ਜਾਂਦੀ ਹੈ।ਸਾਂਝੀ ਮਾਈ ਦੀ ਪੂਜਾ ਦੁਸਹਿਰੇ ਤੋਂ ਪਹਿਲਾਂ ਨੌਂ ਰਾਤਾਂ (ਨਰਾਤਿਆਂ ) ਦੌਰਾਨ ਕੀਤੀ ਜਾਂਦੀ ਹੈ। ਪੰਜਾਬ ਵਿੱਚ ਸਾਂਝੀ ਮਾਈ ਦੀ ਮੂਰਤੀ ਬਣਾ ਕੇ ਉਸ ਦੀ ਪੂਜਾ ਕੀਤੀ ਜਾਂਦੀ ਹੈ। ਨਾਲ ਤਾਰਿਆ ਦਾ ਬਰੋਟਾ ਵੀ ਲਾਇਆ ਜਾਂਦਾ ਹੈ।ਇਸ ਲੋਕ ਦੇਵੀ ਦਾ ਸਬੰਧ ਲੋਕ ਧਰਮ ਨਾਲ ਹੈ।ਪਹਿਲੇ ਨਰਾਤੇ ਮੂਰਤੀ ਹੇਠਾਂ ਕੋਰੇ ਕੁੱਜੇ ਵਿੱਚ ਜਾਂ ਭੁੰਜੇ ਹੀ ਕਿਆਰੀ ਬਣਾ ਕੇ ਜੌਂ ਬੀਜੇ ਜਾਂਦੇ ਹਨ। ਕੁੜੀਆਂ ਹਰ ਰੋਜ਼ ਸਵੇਰੇ ਪਾਣੀ ਪਾ ਇਸਨੂੰ ਮੱਥਾ ਟੇਕਦੀਆ ਹਨ। ਸਵੇਰੇ ਸਾਂਝੀ ਨੂੰ ਜਗਾਉਂਦੀਆਂ ਹਨ ।ਗੀਤ ਵੀ ਗਾਉਂਦੀਆਂ ਹਨ।

*ਜਾਗ ਸਾਂਝੀ ਜਾਗ,*
*ਤੇਰੇ ਮੱਥੇ ਲੱਗੇ ਭਾਗ,*
*ਤੇਰੇ ਪੱਟੀਆਂ ਸਿਰ ਸੁਹਾਗ।*

*ਉੱਠ ਮੇਰੀ ਸਾਂਝੀ ਉੱਠ ਕੇ ਕੁੰਡਾ ਖੋਲ*
*ਕੁੜੀਆਂ ਆਈਆਂ ਤੇਰੇ ਕੋਲ ।*
*ਹਰ ਸ਼ਾਮ ਕੁੜੀਆਂ ਮੂਰਤੀ ਅੱਗੇ*
*ਦੀਵੇ ਜਗਾਉਦੀਆਂ ਤੇ ਗੀਤ*
*ਗਾਉਦੀਆਂ ਹਨ।ਆਰਤੀ ਇਸ*
*ਪ੍ਰਕਾਰ ਸ਼ੁਰੂ ਕਰਦੀਆਂ ਹਨ।*

*ਪਹਿਲੀ ਆਰਤੀ ਕਰਾ ਕਰਾਰ।*
*ਜੀਵੇ ਮੰਗ ਵੀਰ ਪਿਆਰ।*
*ਵੀਰ ਪਿਆਰ ਦੀਆਂ ਅੜੀਆ।*
*ਸ਼ਿਵ ਦੁਆਲੇ ਖੜ੍ਹੀਆ।*
*ਅਸੀਂ ਹਰਿ ਦਾ ਦਰਸ਼ਨ ਪਾਇਆ।*

*ਸਾਂਝੀ ਮਾਈ ਦੀ ਗਹਿਣਿਆਂ ਦੀ ਮੰਗ*
*ਪੂਰੀ ਕਰਨ ਲਈ ਕੁੜੀਆਂ ਵੱਲੋਂ ਰਲ*
*ਕੇ ਇਹ ਗੀਤ ਗਾਇਆ ਜਾਂਦਾ ਹੈ*

*ਮੇਰੀ ਸਾਂਝੀ ਤਾਂ ਮੰਗਦੀ*
*ਛੱਜ ਭਰ ਗਹਿਣੇ?*
*ਕਿੱਥੋਂ ਲਿਆਵਾ ਮੇਰੀ ਸਾਂਝੀ*
*ਮੈਂ ਛੱਜ ਭਰ ਗਹਿਣੇ?*
*ਵੀਰ ਮੇਰਾ ਸੁਣਿਆਰੇ ਦਾ ਸਾਖੀ*
*ਉਥੇ ਲਿਆਵਾ ਮੈਂ ਛੱਜ ਭਰ ਗਹਿਣੇ।*
*ਤੂੰ ਲੈ ਮੇਰੀ ਸਾਂਝੀ*
*ਛੱਜ ਭਰ ਗਹਿਣੇ।*



ਸਾਂਝੀ ਮਾਈ ਦੀ ਪੂਜਾ ਹਰ ਰੋਜ਼ ਸ਼ਾਮ ਵਕਤ ਕੀਤੀ ਜਾਂਦੀ ਹੈ। ਦੇਵੀ ਦੀ ਆਰਤੀ ਉਤਾਰਨ ਉਪਰੰਤ ਦੇਵੀ ਨੂੰ ਭੇਟ ਕੀਤਾ ਪੰਜੀਰੀ ਦਾ ਪ੍ਰਸ਼ਾਦ ਜਾ ਖਿੱਲਾਂ ਦਾ ਭੋਗ ਸਾਰਿਆਂ ਵਿੱਚ ਵੰਡਿਆ ਜਾਂਦਾ ਹੈ। ਆਰਤੀ ਤੋਂ ਬਾਅਦ ਸਾਰੇ ਬੱਚੇ ਆਟੇ ਦੀ ਸੁੱਕੀ ਪੰਜੀਰੀ ਦੀਆਂ ਮੂੰਹ ਵਿੱਚ ਫੱਕਾ ਮਾਰਦੇ ਭੱਜੇ ਆਉਂਦੇ । ਦੁਸਹਿਰੇ ਵਾਲੇ ਦਿਨ, ਕੁੜੀਆਂ ਸਵੇਰੇ ਤਿੰਨ ਚਾਰ ਵਜੇ ਉੱਠ ਕੇ ਉਸੇ ਦਿਨ ਸਰਘੀ ਵੇਲੇ ਸਾਂਝੀ ਮਾਈ ਦੀ ਮੂਰਤੀ ਨੂੰ ਕੰਧ ਤੋਂ ਉਤਰ ਕੇ ਗੀਤ ਗਾਉਂਦੀਆਂ ਔਰਤਾਂ ਅਤੇ ਬਚਿਆਂ ਦੇ ਟੋਲਿਆਂ ਵਲੋਂ ਕਿਸੇ ਟੋਭੇ ਜਾਂ ਨਦੀ ਨਾਲੇ ਵਿੱਚ, ਜਲ-ਪ੍ਰਵਾਹ ਕਰ ਦਿੱਤਾ ਜਾਂਦਾ ਹੈ।ਚੰਨ ਤੇ ਸੂਰਜ ਨੂੰ ਰੱਖਿਆਂ ਜਾਂਦਾ ਸੀ ਦੀਵਾਲੀ ਤੱਕ।ਉਸ ਸਮੇਂ ਸਾਂਝੀ ਮਾਈ ਲਈ ਗੀਤ ਗਾਇਆ ਜਾਂਦਾ ਹੈ

*ਨਾ ਗੋਅ ਮੇਰੀਏ ਸਾਂਝੀਏ,*
*ਵਰੇ ਦਿਨਾਂ ਨੂੰ ਫੇਰ ਆਵਾਂਗੇ,*
*ਤੈਨੂੰ ਫੇਰ ਲਿਆਵਾਂਗੇ।*

ਇਸ ਤੋਂ ਬਾਅਦ ਗੁਰੂ ਘਰ ਮੱਥਾ ਟੇਕ ਕੇ ਫਿਰ ਸਾਰਿਆਂ ਨੂੰ ਭੋਗ ਵੰਡਿਆਂ ਜਾਂਦਾ ਹੈ।ਅਸੀਂ ਸਾਰੇ ਹੀ ਬੜੇ ਚਾਅ ਨਾਲ ਭੋਗ ਕੋਲੀਆਂ ਵਿੱਚ ਪਵਾ ਕੇ ਖਾਂਦੇ ਸੀ।ਉਸੇ ਦਿਨ ਹੀ ਕੁੜੀਆਂ ਜੌਂਆਂ ਦੀਆਂ ਹਰੀਆਂ ਲਿਟਾਂ ਭਰਾਵਾਂ ਦੀਆਂ ਪੱਗੜੀਆਂ ਜਾਂ ਕੰਨਾਂ ਉੱਤੇ ਟੰਗਦੀਆਂ ਹਨ।ਉਸ ਦਿਨ ਗੰਨਾ ਚੂਪਣਾ ਚੰਗਾ ਸਮਝਿਆਂ ਜਾਂਦਾ ਹੈ।ਦਿਨ ਚੜ੍ਹਨ 'ਤੇ ਸਾਰੇ ਅਸੀਂ ਫਿਰ ਗੰਨੇ ਚੂਪਦੇ ਤੇ ਦੁਸਹਿਰਾ ਦੇਖਣ ਜਾਂਦੇ ਸੀ।ਬਚਪਨ ਵਿੱਚ ਇਹ ਸਾਂਝੀ ਮਾਈ ਦੀ ਤਿਆਰੀ ਤੋਂ ਲੈਕੇ ਦੀਵਾਲੀ ਤੱਕ ਇਹ ਦਿਨ ਬੜੇ ਹੀ ਚਾਅ ਮਸਤੀ ਭਰਪੂਰ ਹੁੰਦੇ ਸੀ ।

*-ਗਗਨਦੀਪ ਧਾਲੀਵਾਲ*
*ਝਲੂਰ, ਬਰਨਾਲਾ।*

# Trudeau's apology a case of "the boy who cried wolf"


It's a tale as old as time. A boy takes his flock of sheep up the hill to enjoy the sun and the fresh green grass. When he arrives at the top, he sits for the entire day, becoming bored at the lack of things to do.

One day, he had an idea. He shouted out, "Wolf!" at the top of his lungs to get over his boredom. A group of men from the nearby town ran up the hill, pitchforks in hand, hearing a cry for help, but to their surprise, they saw no one but the boy.

The next day, the boy did it again. "Wolf! WOLF!" The boy threw stones down the hill towards the villagers, who once again ran up the hill to see what was happening. Again, the boy laughed at them, realizing he'd fooled them once again. The villagers became furious and told him to stop crying for help if there was no danger.

*Sound familiar?*

There's another "boy who cried wolf," and he sits in the top office of this country. Born with a silver spoon in his mouth, he thought he



Surjit Singh Flora

would play a joke on his friends one day. He covered himself in blackface and made a mockery of ethnic stereotypes. The townspeople were up in arms, but eventually excused the boy's behaviour.

Then, the boy took the money of the people and used it on private vacations, grinning all the while as his family took photos on the people's dime. The people shouted and cried, but the boy kept grinning, and they eventually accepted it.

The third time, in the midst of a somber series of national remembrances for Indigenous children who died in residential schools, he was busy on vacation. When the people found him, he was busy soaking up the sun and taking selfies.

*Are the people going to forgive him again?*

Possibly not, if the response is any indication.

The Truth and Reconciliation Commission reported 94 calls for action to alleviate the suffering of residential schools and to alleviate past suffering through honest treatment of aborigines. A 1953 survey found that 10,112 children were enrolled in residential schools at the time. Of these, 4,313 children could be called orphans because they had lost touch with their parents, or their parents had lost their children. In the 120-year history of residential schools, a total of 1.5 million children have been forced to suffer, with 3,200 children dying on school premises. 32,970 children were sexually abused.

Sexual offense is a crime that lasts a lifetime. 70,000 people still live in Canada who have lived in residential schools.

They were hopeful that Prime Minister Justin Trudeau would do justice to the issue, but he instead spent Truth and Reconciliation Day on a beach in Tofino, B.C. with his family. Rather than heal the wounds, he put salt on them.

Yet again, Trudeau made a show of an "apology" to those who he offended, but that might not be enough this time around.

Assembly of First Nations National Chief RoseAnne Archibald says Trudeau's apology after he skipped reconciliation events in favour of vacationing in Tofino on the first National Day of Truth and Reconciliation is simply not good enough.

Remember the moral of the "boy who cried wolf" - that boy did see a wolf, and despite shouting out, "Wolf! WOLF!" the townspeople ignored his cries. The boy returned home with several of his sheep missing due to the wolf, while the rest of his flock fled. From that point on, the boy promised never to lie again.

So that's what we are looking for, for the next election - when Trudeau calls for help for "Votes" – who will be there to vote for him?



## ਅਮਰਿੰਦਰ ਸਿੰਘ ਦੇ ਧੜੇ ਵੱਲੋਂ ਚੰਨੀ ਦੀਆਂ ਮੋਦੀ ਤੇ ਕੇਂਦਰੀ ਮੰਤਰੀਆਂ ਨਾਲ ਮੁਲਾਕਾਤਾਂ ਉੱਤੇ ਕਿੰਤੂ

ਚੰਡੀਗੜ੍ਹ, 6 ਅਕਤੂਬਰ (ਪੋਸਟ ਬਿਊਰੋ)- ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਧੜੇ ਵਾਲੇ ਨੇਤਾਵਾਂ ਨੇ ਮੌਜੂਦਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਭਾਜਪਾ ਦੇ ਹੋਰ ਕੇਂਦਰੀ ਮੰਤਰੀਆਂ ਨਾਲ ਮੁਲਾਕਾਤਾਂ ਉੱਤੇਕਈ ਤਰ੍ਹਾਂ ਦੇ ਸਵਾਲ ਚੁੱਕੇ ਹਨ।

ਵਰਨਣ ਯੋਗ ਹੈ ਕਿ ਕੈਪਟਨ ਅਮਰਿੰਦਰ ਸਿੰਘ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਹਟਾਉਣ ਵੇਲੇ ਵਿਰੋਧੀ ਧੜ੍ਹੇ ਨੇ ਵੱਡਾ ਦੋਸ਼ ਇਹ ਲਾਇਆ ਸੀ ਕਿ ਕੈਪਟਨ ਦੀਆਂ ਭਾਜਪਾ ਨੇਤਾਵਾਂ ਨਾਲ ਨਜ਼ਦੀਕੀਆਂ ਹਨ। ਉਹ ਕੈਪਟਨ ਦੀਆਂ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਤੇ ਹੋਰ ਕੇਂਦਰੀ ਮੰਤਰੀਆਂ ਨਾਲ ਮੁਲਾਕਾਤਾਂ ਉੱਤੇ ਸਵਾਲ ਚੁੱਕਦੇ ਸਨ। ਕੈਪਟਨ ਧੜੇ ਦਾ ਕਹਿਣਾ ਸੀ ਕਿ ਮੁੱਖ ਮੰਤਰੀ ਹੋਣ ਦੇ ਨਾਤੇ ਪੰਜਾਬ ਨਾਲ ਸਬੰਧਤ ਮੁੱਦਿਆਂ ਨੂੰ ਚੁੱਕਣ ਲਈ ਉਨ੍ਹਾਂ ਨੂੰ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਅਤੇ ਹੋਰ ਕੇਂਦਰੀ ਮੰਤਰੀਆਂ ਨੂੰ ਮਿਲਣਾ ਪੈਂਦਾ ਹੈ। ਜੇ ਉਹ ਕੇਂਦਰੀ ਮੰਤਰੀਆਂ ਨਾਲ ਮੁਲਾਕਾਤ ਨਾ ਕਰਨ ਤਾਂ ਇਸ ਨਾਲ ਪੰਜਾਬ ਨੂੰ ਕੇਂਦਰ ਤੋਂ ਮਿਲਣ ਵਾਲੀਆਂ ਗ੍ਰਾਂਟਾਂ ਉੱਤੇ ਅਸਰ ਪੈ ਸਕਦਾ ਹੈ। ਅੱਜਕੱਲ੍ਹ ਅਮਰਿੰਦਰ ਸਿੰਘ ਦਾ ਧੜਾ ਕਹਿੰਦਾ ਹੈ ਕਿ ਚਰਨਜੀਤ ਸਿੰਘ ਚੰਨੀ ਵੀ ਮੁੱਖ ਮੰਤਰੀ ਵਜੋਂ ਪ੍ਰਧਾਨ ਮੰਤਰੀ ਨੂੰ ਮਿਲੇ ਤੇ ਕਿਸਾਨਾਂ ਦਾ ਮਾਮਲਾ ਚੁੱਕਿਆ ਹੈ।

## ਸੰਯੁਕਤ ਕਿਸਾਨ ਮੋਰਚੇ ਨੇ ਸੁਪਰੀਮ ਕੋਰਟ ਦੀਆਂ ਤਿੱਖੀਆਂ ਟਿੱਪਣੀਆਂ ਦਾ ਨੋਟਿਸ ਲਿਆ

ਚੰਡੀਗੜ੍ਹ, 6 ਅਕਤੂਬਰ (ਪੋਸਟ ਬਿਊਰੋ)- ਸੰਯੁਕਤ ਕਿਸਾਨ ਮੋਰਚੇ ਦੇ ਲੀਗਲ ਪੈਨਲ ਨੇ ਜੰਤਰ-ਮੰਤਰ ਦਿੱਲੀ ਵਿੱਚ ਸਤਿਆਗ੍ਰਹਿ ਕਰਨ ਦੀ ਇਜਾਜ਼ਤ ਲੈਣ ਲਈ ਕਿਸਾਨ ਮਹਾਪੰਚਾਇਤ ਵੱਲੋਂ ਦਾਇਰ ਅਰਜ਼ੀ ਦੀ ਸੁਣਵਾਈ ਮੌਕੇ ਸੁਪਰੀਮ ਕੋਰਟ ਵੱਲੋਂ ਕੀਤੀਆਂ ਗਈਆਂ ਟਿੱਪਣੀਆਂ ਦਾ ਗੰਭੀਰ ਨੋਟਿਸ ਲਿਆ ਹੈ।



ਇਸ ਕਾਨੂੰਨੀ ਪੈਨਲ ਦੇ ਕਨਵੀਨਰ ਪ੍ਰੇਮ ਸਿੰਘ ਭੰਗੂ ਤੇ ਮੈਂਬਰ ਰਾਮਿੰਦਰ ਸਿੰਘ ਪਟਿਆਲਾ ਨੇ ਸਪੱਸ਼ਟ ਕੀਤਾ ਕਿ ਕਿਸਾਨ ਅੰਦੋਲਨ ਦੇ ਸ਼ੁਰੂਆਤ ਤੋਂ ਅੱਜ ਤੱਕ ਕਿਸਾਨ ਮੋਰਚੇ ਨੇ ਅਦਾਲਤ ਤਕ ਕਦੇ ਪਹੁੰਚ ਨਹੀਂ ਕੀਤੀ।ਉਨ੍ਹਾਂ ਕਿਹਾ ਕਿ ਇਨ੍ਹਾਂ ਕਾਨੂੰਨਾਂ ਨੂੰ ਲਾਗੂ ਕਰਨ ਲਈ ਕਿਸਾਨਾਂ ਤੇ ਸਰਕਾਰ ਵਿਚਾਲੇ ਲੜਾਈ ਹੈ। ਉਨ੍ਹਾਂ ਅਪੀਲ ਕੀਤੀ ਕਿ ਅਦਾਲਤ ਵੱਲੋਂ ਸੁਣਵਾਈ ਦਾ ਮੌਕਾ ਨਾ ਦੇ ਕੇ ਕਿਸਾਨਾਂ ਵਿਰੁੱਧ ਸਖਤ ਟਿੱਪਣੀਆਂ ਕਰ ਕੇ ਕੁਦਰਤੀ ਨਿਆਂ ਦੇ ਸਿਧਾਂਤ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਕਿਸਾਨ ਵਿਰੋਧੀ ਕਾਨੂੰਨਾਂ ਨੂੰ ਰੱਦ ਕਰਨ ਅਤੇ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਹਾਸਲ ਕਰਨ ਲਈ ਲੜ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜੇ ਸੁਪਰੀਮ ਕੋਰਟ ਸਮਝਦੀ ਹੈ ਕਿ ਕਾਨੂੰਨ ਗੈਰ ਸੰਵਿਧਾਨਕ ਹਨ ਤਾਂ ਅਦਾਲਤ ਆਪੇ ਨੋਟਿਸ ਲੈ ਕੇ ਕਾਨੂੰਨ ਰੱਦ ਕਰ ਸਕਦੀ ਹੈ ਜਿਸ ਨਾਲ ਕਿਸਾਨਾਂ ਨੂੰ ਨਿਆਂ ਮਿਲੇਗਾ, ਜਿਨ੍ਹਾਂ ਨੂੰ ਸਰਕਾਰ ਨੇ ਧਰਨਾ ਲਾਉਣ ਅਤੇ ਸੜਕਾਂ ਉਤੇ ਬੈਠਣ ਲਈ ਮਜਬੂਰ ਕੀਤਾ ਹੈ।

## ਬੰਬ ਧਮਾਕੇ ਦੇ ਕੇਸ ਵਿੱਚ ਫੜੇ ਨੌਜਵਾਨ ਦੀ ਹਸਪਤਾਲ ਵਿੱਚ ਮੌਤ

ਅੰਮ੍ਰਿਤਸਰ, 6 ਅਕਤੂਬਰ (ਪੋਸਟ ਬਿਊਰੋ)- ਤਰਨਤਾਰਨ ਦੇ ਪਿੰਡ ਪੰਡੋਰੀ ਗੋਲਾ ਵਿਖੇ ਹੋਏ ਬੰਬ ਧਮਾਕੇ ਦੇ ਕੇਸ ਵਿੱਚ ਗ੍ਰਿਫ਼ਤਾਰ ਕੀਤੇ ਨੌਜਵਾਨ ਦੀ ਅੰਮ੍ਰਿਤਸਰ ਦੇ ਗੁਰੂ ਨਾਨਕ ਦੇਵ ਹਸਪਤਾਲ ਵਿੱਚ ਮੌਤ ਹੋ ਗਈ ਹੈ। ਮ੍ਰਿਤਕ ਦੇ ਪਰਵਾਰਕ ਮੈਂਬਰਾਂ ਨੇ ਦੋਸ਼ ਲਾਇਆ ਕਿ ਨੌਜਵਾਨ ਦੀ ਮੌਤ ਅੰਮ੍ਰਿਤਸਰ ਜੇਲ੍ਹ ਪ੍ਰਸ਼ਾਸਨ ਦੀ ਲਾਪਰਵਾਹੀ ਨਾਲ ਹੋਈ ਹੈ। ਮ੍ਰਿਤਕ ਦੀ ਪਛਾਣ ਮਲਕੀਤ ਸਿੰਘ ਉਰਫ ਸ਼ੇਰ ਸਿੰਘ ਵਾਸੀ ਪਿੰਡ ਕੋਟਲਾ ਗੁੱਜਰਾਂ ਮਜੀਠਾ ਵਜੋਂ ਹੋਈ ਹੈ।

ਸਾਲ 2019 ਵਿੱਚ ਤਰਨ-ਤਾਰਨ ਦੇ ਪਿੰਡ ਪੰਡੋਰੀ ਗੋਲਾ ਵਿਖੇ ਬੰਬ ਧਮਾਕਾ ਹੋਇਆ ਸੀ ਤੇ ਆਈ ਐਨ ਏ ਵੱਲੋਂ ਇਸ ਦੀ ਜਾਂਚ ਦੌਰਾਨ ਪੁਲਸ ਨੇ ਹੋਰ ਨੌਜਵਾਨਾਂ ਦੇ ਨਾਲ ਇਸ ਕੇਸ ਵਿੱਚ ਮਲਕੀਤ ਸਿੰਘ ਨੂੰ ਵੀ ਗ੍ਰਿਫ਼ਤਾਰ ਕੀਤਾ ਸੀ ਜੋ ਇੱਥੇ ਕੇਂਦਰੀ ਜੇਲ੍ਹ ਫਤਾਹਪੁਰ ਵਿਖੇ ਬੰਦ ਸੀ। ਮ੍ਰਿਤਕ ਦੇ ਭਰਾ ਰਵਿੰਦਰ ਸਿੰਘ ਨੇ ਦੱਸਿਆ ਕਿ ਉਸਦੇ ਭਰਾ ਉਤੇ ਪੁਲਸ ਨੇ ਅਣਮਨੁੱਖੀ ਤਸ਼ੱਦਦ ਕੀਤਾ ਸੀ, ਜਿਸ ਕਾਰਨ ਉਹ ਸ਼ੂਗਰ ਆਦਿ ਬਿਮਾਰੀਆਂ ਤੋਂ ਪੀੜਤ ਸੀ, ਪਰ ਜੇਲ੍ਹ ਪ੍ਰਸ਼ਾਸਨ ਨੇ ਉਸ ਦਾ ਸਹੀ ਇਲਾਜ ਨਹੀਂ ਕਰਵਾਇਆ।

## ਨਵਜੋਤ ਸਿੱਧੂ ਦੀ ਗੈਰ ਹਾਜ਼ਰੀ ਵਿੱਚ ਧੀ ਨੇ ਹਲਕੇ ਦੀ ਕਮਾਨ ਸੰਭਾਲੀ

ਅੰਮ੍ਰਿਤਸਰ, 6 ਅਕਤੂਬਰ (ਪੋਸਟ ਬਿਊਰੋ)- ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਦੀ ਗੈਰ ਹਾਜ਼ਰੀ ਵਿੱਚ ਉਨ੍ਹਾਂ ਦੀ ਧੀ ਰਾਬੀਆ ਸਿੱਧੂ ਨੇ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੂਰਬੀ ਦੀ ਕਮਾਨ ਸੰਭਾਲ ਲਈ ਹੈ। ਕੱਲ੍ਹ ਉਨ੍ਹਾਂ ਨੇ ਆਪਣੇ ਪਿਤਾ ਨਵਜੋਤ ਸਿੰਘ ਸਿੱਧੂ ਦੇ ਹਲਕੇ ਦੇ ਵਾਰਡ ਨੰਬਰ 21 ਵਿੱਚ ਵਿਕਾਸ ਕਾਰਜਾਂ ਦਾ ਰਸਮੀ ਉਦਘਾਟਨ ਕੀਤਾ ਅਤੇ ਇਸ ਮੌਕੇ ਕਿਹਾ ਕਿ ਉਹ ਆਪਣੇ ਪਿਤਾ ਦੇ ਵਿਕਾਸ ਦੇ ਏਜੰਡੇ ਨੂੰ ਪ੍ਰਵਾਨ ਚੜ੍ਹਾਉਣ ਲਈ ਮੈਦਾਨ ਵਿੱਚ ਉਤਰੀ ਹੈ, ਜਦੋਂ ਕਿ ਉਸ ਦਾ ਸਿਆਸਤ ਵਿੱਚ ਆਉਣ ਦਾ ਕੋਈ ਇਰਾਦਾ ਨਹੀਂ।

ਵਰਨਣ ਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਜਦੋਂ ਖੇਤੀ ਕਾਨੂੰਨਾਂ ਦੇ ਵਿਰੋਧ ਵਿੱਚ ਕਿਸਾਨ ਯੂਨੀਅਨਾਂ ਨੇ 26 ਮਈ ਨੂੰ ਕਾਲਾ ਦਿਵਸ ਮਨਾਉਣ ਦਾ ਐਲਾਨ ਕੀਤਾ ਸੀ ਤਾਂ ਉਸ ਤੋਂ ਇੱਕ ਦਿਨ ਪਹਿਲਾਂ 25 ਮਈ ਨੂੰ ਉਨ੍ਹਾਂ ਦੇ ਪਿਤਾ ਨਵਜੋਤ ਸਿੰਘ ਸਿੱਧੂ ਅਤੇ ਮਾਤਾ ਡਾਕਟਰ ਨਵਜੋਤ ਕੌਰ ਸਿੱਧੂ ਨੇ ਪਟਿਆਲਾ ਵਿਖੇ ਆਪਣੀ ਰਿਹਾਇਸ਼ ਉਤੇ ਅਤੇ ਅੰਮ੍ਰਿਤਸਰ ਦੀ ਰਿਹਾਇਸ਼ ਉੱਤੇ ਸਿੱਧੂ ਜੋੜੀ ਦੀ ਧੀ ਰਾਬੀਆ ਨੇ ਕਾਲਾ ਝੰਡਾ ਲਹਿਰਾਇਆ ਸੀ। ਇਸ ਨਾਲ ਰਾਬੀਆ ਸਿੱਧੂ ਦੇ ਸਿਆ-ਸਤ ਵਿੱਚ ਪੈਰ ਧਰਨ ਦੀ ਚਰਚਾ ਚੱਲ ਪਈ ਸੀ। ਰਾਬੀਆ ਨੇ ਉਦਘਾਟਨ ਕਰਨ ਮੌਕੇ ਕੱਲ੍ਹ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦੇਣ ਤੋਂ ਗੁਰੇਜ਼ ਕੀਤਾ।ਨਵਜੋਤ ਸਿੰਘ ਸਿੱਧੂ ਦੇ ਨਜ਼ਦੀਕੀ ਤੇ ਕਾਂਗਰਸ ਦੇ ਸਾਬਕਾ ਸੂਬਾ ਸੈਕਟਰੀ ਮਾਸਟਰ ਹਰਪਾਲ ਸਿੰਘ ਵੇਰਕਾ ਨੇ ਕਿਹਾ ਕਿ ਸਾਬਕਾ ਵਿਧਾਇਕ ਡਾਕਟਰ ਨਵਜੋਤ ਕੌਰ ਨੇ ਉਦਘਾਟਨ ਕਰਨ ਆਉਣਾ ਸੀ, ਪਰ ਅਚਾਨਕ ਤਬੀਅਤ ਖਰਾਬ ਹੋਣ ਕਾਰਨ ਉਨ੍ਹਾਂ ਨੇ ਰਾਬੀਆ ਨੂੰ ਭੇਜਿਆ ਹੈ।



ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਪਿਛਲੇ ਦਿਨੀਂ ਚੁਣੌਤੀ ਦਿੱਤੀ ਸੀ ਕਿ ਨਵਜੋਤ ਸਿੰਘ ਸਿੱਧੂ ਜਿਸ ਵੀ ਹਲਕੇ ਤੋਂ ਖੜ੍ਹੇ ਹੋਣਗੇ, ਉਹ ਉਸ ਦੇ ਮੁਕਾਬਲੇ ਮਜ਼ਬੂਤ ਉਮੀਦਵਾਰ ਖੜ੍ਹਾ ਕਰ ਕੇ ਉਸ ਨੂੰ ਹਰਾਉਣਗੇ। ਸਿੱਧੂ ਜੋੜੀ ਨੇ ਆਪਣੀ ਕਰਮ ਭੂਮੀ ਅੰਮ੍ਰਿਤਸਰ ਤੋਂ ਇਲਾਵਾ ਲੰਬੇ ਸਮੇਂ ਤੋਂ ਜੱਦੀ ਸ਼ਹਿਰ ਪਟਿਆਲਾ ਵਿੱਚ ਵੀ ਸਰਗਰਮੀ ਤੇਜ਼ ਕੀਤੀ ਹੋਈ ਹੈ ਅਤੇ ਡਾਕਟਰ ਨਵਜੋਤ ਕੌਰ ਅੱਜਕੱਲ੍ਹ ਜ਼ਿਆਦਾਤਰ ਪਟਿਆਲੇ ਹੀ ਰਹਿੰਦੇ ਹਨ। ਇਸ ਤੋਂ ਅੰਦਾਜ਼ਾ ਲੱਗਰਿਹਾ ਹੈ ਕਿ ਹਾਈ ਕਮਾਂਡ ਵੱਲੋਂ ਇਜਾਜ਼ਤ ਮਿਲਣ ਉੱਤੇ ਸਿੱਧੂ ਪਰਵਾਰ ਦੋਵਾਂ ਥਾਵਾਂ ਤੋਂ ਚੋਣ ਲੜ ਸਕਦਾ ਹੈ। ਰਾਬੀਆ ਵੱਲੋਂ ਕਦੇ-ਕਦਾਈਂ ਸਿਆਸੀ ਸਰਗਰਮੀ ਵਿੱਚ ਹਿਸਾ ਲੈਣਾ ਸਿੱਧੂ ਜੋੜੀ ਦੀ ਰਣਨੀਤੀ ਦਾ ਹਿਸਾ ਹੋ ਸਕਦਾ ਹੈ। ਲੰਡਨ ਤੋਂ ਪੜ੍ਹੀ ਰਾਬੀਆ ਨੇ ਮਾਸਟਰ ਆਫ ਫੈਸ਼ਨ ਡਿਜ਼ਾਈਨਿੰਗ ਕੀਤੀ ਹੋਈ ਅਤੇ ਅਦਾਕਾਰੀ ਖੇਤਰ ਵਿੱਚ ਰੁਚੀ ਰੱਖਦੀ ਹੈ।

ਸਾਲ 2012 ਦੀਆਂ ਵਿਧਾਨ ਸਭਾ ਚੋਣਾਂ ਸਮੇਂ ਨਵਜੋਤ ਸਿੰਘ ਸਿੱਧੂ ਮੈਂਬਰ ਪਾਰਲੀਮੈਂਟ ਸਨ, ਜਿਸ ਕਾਰਨ ਉਨ੍ਹਾਂ ਅਕਾਲੀ-ਭਾਜਪਾ ਗੱਠਜੋੜ ਵੱਲੋਂ ਆਪਣੀ ਪਤਨੀ ਡਾਕਟਰ ਨਵਜੋਤ ਕੌਰ ਸਿੱਧੂ ਨੂੰ ਹਲਕਾ ਪੂਰਬੀ ਤੋਂ ਉਮੀਦਵਾਰ ਖੜ੍ਹੇ ਕੀਤਾ ਤੇ ਉਹ ਵਿਧਾਇਕ ਬਣ ਗਏ। ਅਕਾਲੀ-ਭਾਜਪਾ ਗੱਠਜੋੜ ਤੋਂ ਵੱਖ ਹੋਏ ਨਵਜੋਤ ਸਿੰਘ ਸਿੱਧੂ ਨੇ ਕਾਂਗਰਸ ਵਿੱਚ ਜਾਣ ਪਿੱਛੋਂ 2017 ਵਿੱਚ ਹਲਕਾ ਪੂਰਬੀ ਤੋਂ ਵਿਧਾਨ ਸਭਾ ਚੋਣ ਲੜੀਅਤੇ ਜੇਤੂ ਰਹੇ। ਇਸ ਪਿੱਛੋਂ ਉਨ੍ਹਾਂ ਨੂੰ ਕੈਬਨਿਟ ਵਿੱਚ ਸ਼ਾਮਲ ਕੀਤਾ ਗਿਆ ਸੀ, ਪਰ ਮਹਿਕਮਾ ਬਦਲਣ ਉੱਤੇ ਨਾਰਾਜ਼ ਹੋ ਕੇ ਕੈਬਨਿਟ ਤੋਂ ਲਾਂਭੇ ਹੋ ਗਏ ਸਨ।


## ਪੰਜਾਬ ਵਿਚਲੇ ਤਿੰਨ ਵੱਡੇ ਦੂਰਦਰਸ਼ਨ ਟਾਵਰ ਜਲਦੀ ਬੰਦ ਹੋ ਜਾਣਗੇ


*** ਸਭ ਤੋਂ ਪਹਿਲਾਂ ਬਠਿੰਡਾ ਟਾਵਰ 31 ਅਕਤੂਬਰ ਨੂੰ ਬੰਦ ਹੋਵੇਗਾ**

ਬਠਿੰਡਾ, 6 ਅਕਤੂਬਰ (ਪੋਸਟ ਬਿਊਰੋ)- ਪੰਜਾਬ ਵਿਚਲੇ ਤਿੰਨ ਵੱਡੇ ਦੂਰਦਰਸ਼ਨ ਟਾਵਰ ਅਗਲੀ 31 ਮਾਰਚ ਤਕ ਬੰਦ ਹੋ ਜਾਣਗੇ। ਏਸ਼ੀਆ ਦੇ ਸਭ ਤੋਂ ਵੱਡੇ ਰੇਲਵੇ ਜੰਕਸ਼ਨ, ਫ਼ੌਜੀ ਛਾਉਣੀ ਤੇ ਖਾਦ ਕਾਰਖ਼ਾਨੇ ਵਾਲੇ ਸ਼ਹਿਰ ਬਠਿੰਡਾ ਵਿਚਲਾ ਦੂਰਦਰਸ਼ਨ ਕੇਂਦਰ ਸਾਲ 1985 ਵਿੱਚ ਚਾਲੂ ਕਰਨ ਲਈ 135 ਮੀਟਰ ਉਚਾ ਟੀ ਵੀ ਟਾਵਰ ਲਾਇਆ ਗਿਆ ਤਾਂ ਲੋਕਾਂ ਦੀਆਂ ਛੱਤਾਂ ਉੱਤੇ ਲੱਗੇ 20-20, 30-30 ਫੁੱਟ ਉਚੇ ਅੰਟੀਨੇ ਉਤਾਰ ਦਿੱਤੇ ਸਨ। ਇਸ ਦੇ ਬਾਅਦ ਸਾਫ਼ ਸੁਥਰੇ ਟੀ ਵੀ ਪ੍ਰੋਗਰਾਮ ਦੇਖਣੇ ਨਸੀਬ ਹੋਏ ਸਨ, ਪਰ ਮੌਜੂਦਾ ਕੇਂਦਰ ਸਰਕਾਰ ਨੇ ਬਠਿੰਡਾ ਟੀ ਵੀ ਟਾਵਰ ਨੂੰ 31 ਅਕਤੂਬਰ ਨੂੰ ਬੰਦ ਕਰਨ ਦੇ ਹੁਕਮ ਦੇ ਦਿੱਤੇ ਹਨ। ਇਸ ਦੇ ਬਾਅਦ ਤਿੰਨ ਹੋਰ ਟਾਵਰ ਬੰਦ ਕਰ ਦਿੱਤੇ ਜਾਣਗੇ।

ਵੰਨ-ਸੁਵੰਨੇ ਅਤੇ ਕਾਰੋਬਾਰੀ ਸੋਚ ਵਾਲੇ ਚੈਨਲਾਂ ਦੀ ਘੜਮੱਸ ਤੋਂ ਅੱਕੇ ਹੋਏ ਜਿਹੜੇ ਲੋਕ ਅਜੇ ਤੱਕ ਦੂਰਦਰਸ਼ਨ ਦੇ ਸਾਫ਼-ਸੁਥਰੇ ਪ੍ਰੋਗਰਾਮ ਦੇਖਣ ਲਈ ਬਠਿੰਡਾ ਟੀ ਵੀ ਟਾਵਰ ਉੱਤੇ ਨਿਰਭਰ ਹਨ, ਉਨ੍ਹਾਂ ਨੂੰ ਇਸ ਨਾਲ ਵੱਡਾ ਝਟਕਾ ਲੱਗੇਗਾ। ਭਾਰਤ ਸਰਕਾਰ ਦੇ ਹੁਕਮਾਂ ਮੁਤਾਬਕ ਸੰਸਾਰ ਭਰ ਵਿੱਚ ਡਿਜ਼ੀਟਾਈਜ਼ੇਸ਼ਨ ਕਰਨ ਲਈ ਐਨਾਲਾਗ ਸਿਸਟਮ ਬੰਦ ਕੀਤਾ ਜਾ ਰਿਹਾ ਹੈ, ਜਿਸ ਕਾਰਨ ਭਾਰਤ ਦੇ ਸਾਰੇ ਐਨਾਲਾਗ ਟ੍ਰਾਂਸਮੀਟਰ ਬੰਦ ਕੀਤੇ ਜਾਣੇ ਹਨ। ਇਸ ਸਕੀਮਹੇਠ ਡੀ ਡੀ ਪੰਜਾਬੀ ਦੇ ਤਿੰਨ ਵੱਡੇ ਟਾਵਰ ਬਠਿੰਡਾ 31 ਅਕਤੂਬਰ ਨੂੰ, ਅੰਮ੍ਰਿਤਸਰ 31 ਦਸੰਬਰ ਨੂੰ ਅਤੇ ਫਾਜ਼ਿਲਕਾ 31 ਮਾਰਚ ਨੂੰ ਬੰਦ ਕੀਤੇ ਜਾ ਰਹੇ ਹਨ। ਸਰਕਾਰ ਦਾ ਕਹਿਣਾ ਹੈ ਕਿ ਲੋਕਾਂ ਕੋਲ ਵੱਖ-ਵੱਖ ਚੈਨਲ ਦੇਖਣ ਲਈ ਕੇਬਲ, ਡਿਸ਼, ਡੀ ਟੀ ਐਚ ਅਤੇ ਮੋਬਾਈਲ ਐਪ ਵਰਗੀਆਂ ਸਹੂਲਤਾਂ ਹੋਣ ਕਾਰਨ ਇਨ੍ਹਾਂ ਟਾਵਰਾਂ ਦੀ ਲੋੜ ਨਹੀਂ।

ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਬਾਸਰਕੇ ਗਿੱਲਾਂ ਵਿੱਚ ਪਿਛਲੇ ਕਈ ਸਾਲਾਂ ਤੋਂ ਦੂਰਦਰਸ਼ਨ ਪੰਜਾਬ ਅਤੇ ਦੂਰਦਰਸ਼ਨ ਨੈਸ਼ਨਲ ਦੇ ਦੋ ਉਚ ਸ਼ਕਤੀ ਵਾਲੇ ਟੈਰੇਸਟ੍ਰੀਅਲ ਟ੍ਰਾਂਸਮੀਟਰਵੀ ਐਚ ਐਫ ਚੈਨਲ-7 ਅਤੇ ਯੂ ਐਚ ਐਫ ਚੈਨਲ-29 ਸੇਵਾ ਦੇ ਰਹੇ ਹਨ, ਪਰ ਇਨ੍ਹਾਂ ਨੂੰ ਵੀ ਬੰਦ ਕਰਨ ਦੀਆਂ ਤਿਆਰੀਆਂ ਹੋਣ ਲੱਗੀਆਂ ਹਨ। ਸਿਵਲ ਇੰਜੀਨੀਅਰ ਹਰਜਾਪ ਸਿੰਘ ਔਜਲਾ ਨੇ ਇਸ ਬਾਰੇ ਦੱਸਿਆ ਕਿ ਇਨ੍ਹਾਂ ਦੂਰਦਰਸ਼ਨ ਟ੍ਰਾਂਸਮੀਟਰਾਂ ਦਾ ਬੰਦ ਹੋਣਾ ਮੰਦਭਾਗੀ ਘਟਨਾ ਹੈ ਅਤੇ ਇਸ ਨੂੰ ਕਿਸੇ ਵੀ ਕੀਮਤ ਉੱਤੇ ਰੋਕਣਾ ਚਾਹੀਦਾ ਹੈ। ਅੰਮ੍ਰਿਤਸਰ ਵਿਕਾਸ ਮੰਚ ਨੇ ਕੇਂਦਰੀ ਸੂਚਨਾ ਪ੍ਰਸਾਰਨ ਮੰਤਰੀ ਅਨੁਰਾਗ ਠਾਕੁਰ ਨੂੰ ਇਸ ਬਾਰੇ ਪੱਤਰ ਲਿਖਿਆ ਹੈ ਕਿ ਦੂਰਦਰਸ਼ਨ ਅੰਮ੍ਰਿਤਸਰ ਭਾਰਤ ਦਾ ਤੀਜਾ ਸਭ ਤੋਂ ਪੁਰਾਣਾ ਟੀ ਵੀ ਸਟੇਸ਼ਨ ਹੈ, ਜੋ 1973 ਤੋਂ ਸੇਵਾਵਾਂ ਦੇ ਰਿਹਾ ਹੈ ਤੇ ਇਸ ਨੂੰ ਬੰਦ ਹੋਣ ਤੋਂ ਰੋਕਣ ਦੀ ਮੰਗ ਕੀਤੀ ਹੈ। ਵਰਨਣ ਯੋਗ ਹੈ ਕਿ ਭਾਰਤ ਦਾ ਪਹਿਲਾ ਟੀ ਵੀ ਸਟੇਸ਼ਨ ਸਾਲ 1959 ਵਿੱਚ ਦਿੱਲੀ ਵਿਖੇ ਖੁੱਲ੍ਹਿਆ ਅਤੇ ਫਿਰ 1965 ਵਿੱਚ ਪਾਕਿਸਤਾਨ ਟੈਲੀਵਿਜ਼ਨ ਦਾ ਲਾਹੌਰ ਕੇਂਦਰ ਖੁੱਲ੍ਹਾ ਤਾਂ ਮੁੰਬਈ ਤੋਂ ਕੁਝ ਮਹੀਨੇ ਬਾਅਦ ਭਾਰਤ ਦਾ ਤੀਜਾ ਸਭ ਤੋਂ ਪੁਰਾਣਾ ਕੇਂਦਰ ਅੰਮ੍ਰਿਤਸਰ ਵਿੱਚ ਖੋਲ੍ਹਿਆ ਗਿਆ ਸੀ। ਇਸ ਦੂਰਦਰਸ਼ਨ ਕੇਂਦਰ ਨੂੰ 31 ਦਸੰਬਰ ਨੂੰ ਬੰਦ ਕੀਤੇ ਜਾਣ ਦਾ ਫ਼ੈਸਲਾ ਲਿਆ ਗਿਆ ਹੈ।

## ਅਮਰੀਕਾ ਵਿਚ ਮਾਲੀ ਸਾਲ 2021 ਦੌਰਾਨ ਸ਼ਰਨਾਰਥੀਆਂ ਦਾ ਦਾਖਲਾ ਘਟਿਆ

*ਪਿਛਲੇ 40 ਸਾਲਾਂ ਦੇ ਸਭ ਤੋਂ ਹੇਠਲੇ ਪੱਧਰ 'ਤੇ ਪੁੱਜਾ



ਸੈਕਰਾਮੈਂਟੋ, 6 ਅਕਤੂਬਰ (ਹੁਸਨ ਲੜੋਆ ਬੰਗਾ) - ਅਮਰੀਕਾ ਨੇ ਮਾਲੀ ਸਾਲ 2021 ਦੌਰਾਨ ਆਪਣੇ ਸ਼ਰਨਾਰਥੀ ਦਾਖਲਾ ਪ੍ਰੋਗਰਾਮ ਤਹਿਤ 11,411 ਲੋਕਾਂ ਨੂੰ ਦੇਸ਼ ਵਿਚ ਦਾਖਲ ਹੋਣ ਦੀ ਇਜਾਜ਼ਤ ਦਿੱਤੀ ਹੈ ਜੋ ਪਿਛਲੇ ਸਾਲਾਂ ਦੀ ਤੁਲਨਾ ਵਿਚ ਸਭ ਤੋਂ ਘੱਟ ਹੈ। ਇਹ ਪ੍ਰਗਟਾਵਾ ਅਮਰੀਕੀ ਵਿਦੇਸ਼ ਵਿਭਾਗ ਨੇ ਕੀਤਾ ਹੈ। 2021 ਵਿਚ ਪਿਛਲੇ 40 ਸਾਲਾਂ ਦੌਰਾਨ ਪਹਿਲੀ ਵਾਰ ਸਭ ਤੋਂ ਘੱਟ ਸ਼ਰਨਾਰਥੀਆਂ ਨੂੰ ਅਮਰੀਕਾ ਵਿਚ ਦਾਖਲ ਹੋਣ ਦੀ ਇਜਾਜ਼ਤ ਦਿੱਤੀ ਗਈ ਹੈ। ਇਸ ਤੋਂ ਪਹਿਲਾਂ ਮਾਲੀ ਸਾਲ 2020 ਵਿਚ ਸਭ ਤੋਂ ਘੱਟ 11,814 ਸ਼ਰਨਾਰਥੀਆਂ ਨੂੰ ਅਮਰੀਕਾ ਵਿਚ ਰਹਿਣ ਦੀ ਇਜਾਜ਼ਤ ਦਿੱਤੀ ਗਈ ਸੀ।

ਦੂਸਰੇ ਦੇਸ਼ਾਂ ਦੀ ਤੁਲਨਾ ਵਿਚ ਪਿਛਲੇ ਕਈ ਸਾਲਾਂ ਦੌਰਾਨ ਅਮਰੀਕਾ ਸ਼ਰਨਾਰਥੀਆਂ ਨੂੰ ਖੁਲੇ ਆਮ ਸਵਿਕਾਰਦਾ ਰਿਹਾ ਹੈ ਪਰੰਤੂ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ਰਨਾਰਥੀਆਂ ਦੇ ਅਮਰੀਕਾ ਵਿਚ ਪ੍ਰਵੇਸ਼ ਨੂੰ ਰੋਕਣ ਲਈ ਕਈ ਤਰਾਂ ਦੇ ਕਦਮ ਚੁੱਕੇ ਜਿਨਾਂ ਸਦਕਾ ਯੋਗ ਸ਼ਰਨਾਰਥੀਆਂ ਦੀ ਚੋਣ ਦਾ ਰਾਹ ਔਖਾ ਕਰ ਦਿੱਤਾ ਗਿਆ। ਰਾਸ਼ਟਰਪਤੀ ਜੋ ਬਾਈਡਨ ਨੇ ਕਾਫੀ ਝਿਝਕ ਤੋਂ ਬਾਅਦ ਮਾਲੀ ਸਾਲ 2021 ਦੌਰਾਨ ਸ਼ਰਨਾਰਥੀਆਂ ਦੀ ਸੀਮਾ ਵਧਾ ਕੇ 62,500 ਕਰ ਦਿੱਤੀ ਸੀ ਜੋ ਸੀਮਾ ਪਹਿਲਾਂ 50 ਹਜਾਰ ਤੋਂ ਕੁਝ ਵਧ ਸੀ। ਵਧਾਈ ਸੀਮਾ ਵੀ ਪਿਛਲੇ ਮਹੀਨੇ ਖਤਮ ਹੋ ਗਈ ਹੈ। ਬਾਈਡਨ ਪ੍ਰਸ਼ਾਸਨ ਦੀ ਮਾਲੀ ਸਾਲ 2022 ਦੌਰਾਨ ਸ਼ਰਨਾਰਥੀਆਂ ਦੀ ਸੀਮਾ ਵਧਾ ਕੇ 1,25,000 ਕਰਨ ਦੀ ਯੋਜਨਾ ਹੈ ਪਰੰਤੂ ਜਿਸ ਤਰਾਂ ਦੇ ਮਾਪ ਦੰਡ ਸ਼ਰਨਾਰਥੀ ਦਾਖਲਾ ਪ੍ਰੋਗਰਾਮ ਤਹਿਤ ਲਾਗੂ ਕੀਤੇ ਜਾ ਚੁੱਕੇ ਹਨ, ਉਨਾਂ ਤਹਿਤ ਏਨੇ ਸ਼ਰਨਾਰਥੀਆਂ ਦਾ ਅਮਰੀਕਾ ਵਿਚ ਪ੍ਰਵੇਸ਼ ਮੁਸ਼ਕਿਲ ਲੱਗਦਾ ਹੈ।ਅਮਰੀਕਾ ਦੀ ਇਸ ਪਹੁੰਚ ਤੋਂ ਸ਼ਰਨਾਰਥੀ ਸਮਰਥਕ ਸੰਸਥਾਵਾਂ ਨਿਰਾਸ਼ ਹਨ।ਲੂਥਰਨ ਇਮੀਗ੍ਰੇਸ਼ਨ ਐਂਡ ਰਫਿਊਜ਼ੀ ਸਰਵਿਸ ਦੀ ਸੀ ਈ ਓ ਤੇ ਪ੍ਰਧਾਨ ਕ੍ਰਿਸ ਓ ਮਾਰਾ ਵਿਗਨਾਰਾਜਾਹ ਨੇ ਇਕ ਬਿਆਨ ਵਿਚ ਕਿਹਾ ਹੈ ਕਿ ਮਾਲੀ ਸਾਲ 2021 ਦੌਰਾਨ ਸ਼ਰਨਾਰਥੀਆਂ ਦੀ ਹੇਠਲੇ ਪੱਧਰ 'ਤੇ ਪੁੱਜੀ ਗਿਣਤੀ ਤੋਂ ਉਹ ਨਿਰਾਸ਼ ਹੋਏ ਹਨ। ਇਸ ਤੋਂ ਪਤਾ ਲੱਗਦਾ ਹੈ ਕਿ ਸਾਬਕਾ ਟਰੰਪ ਪ੍ਰਸ਼ਾਸਨ ਨੇ ਆਪਣੇ 4 ਸਾਲਾਂ ਦੇ ਕਾਰਜਕਾਲ ਦੌਰਾਨ ਕਿਸ ਤਰਾਂ ਸ਼ਰਨਾਰਥੀ ਦਾਖਲਾ ਪ੍ਰੋਗਰਾਮ ਨੂੰ ਨਿਸ਼ਾਨਾ ਬਣਾਇਆ ਹੈ ਤੇ ਸ਼ਰਨਾਰਥੀਆਂ ਦੇ ਅਮਰੀਕਾ ਵਿਚ ਪ੍ਰਵੇਸ਼ ਉਪਰ ਰੋਕ ਲਾਈ ਹੈ।ਉਨਾਂ ਕਿਹਾ ਕਿ ਇਸ ਤੋਂ ਇਲਾਵਾ ਕੋਰੋਨਾ ਮਹਾਂਮਾਰੀ ਨੇ ਵੀ ਸ਼ਰਨਾਰਥੀਆਂ ਦੇ ਅਮਰੀਕਾ ਵਿਚ ਦਾਖਲ ਹੋਣ ਦੇ ਰਾਹ ਵਿਚ ਅੜਿਕੇ ਖੜੇ ਕੀਤੇ ਹਨ।

ਇਸ ਸਮੇ ਸ਼ਰਨਾਰਥੀ ਮੁੜ ਵਸੇਬਾ ਸੰਸਥਾਵਾਂ ਨੂੰ ਹਜਾਰਾਂ ਅਫਗਾਨ ਸ਼ਰਨਾਰਥੀਆਂ ਦੇ ਰਹਿਣ ਦੇ ਪ੍ਰਬੰਧ ਕਰਨ ਵਿਚ ਮੁਸ਼ਕਿਲਾਂ ਆ ਰਹੀਆਂ ਹਨ। ਇਨਾਂ ਵਿਚੋਂ ਬਹੁਤ ਸਾਰੇ ਸ਼ਰਨਾਰਥੀ ਤੈਅਸ਼ੁੱਦਾ ਮੁੜਵਸੇਬਾ ਪ੍ਰੋਗਰਾਮ ਤਹਿਤ ਅਮਰੀਕਾ ਵਿਚ ਦਾਖਲ ਨਹੀਂ ਹੋਏ। ਇਸ ਲਈ ਬਾਈਡਨ ਪ੍ਰਸ਼ਾਸਨ ਇਨਾਂ ਨੂੰ ਸ਼ਰਨਾਰਥੀਆਂ ਵਜੋਂ ਸਵਿਕਾਰ ਕਰਨ ਲਈ ਤਿਆਰ ਨਹੀਂ ਹੈ। ਇਸ ਨਾਲ ਆਉਣ ਵਾਲੇ ਸਮੇ ਵਿਚ ਇਨਾਂ ਅਯੋਗ ਸ਼ਰਨਾਰਥੀਆਂ ਲਈ ਨਵੀਆਂ ਮੁਸ਼ਕਿਲਾਂ ਖੜੀਆਂ ਹੋ ਸਕਦੀਆਂ ਹਨ ਤੇ ਇਨਾਂ ਨੂੰ ਦੇਸ਼ ਨਿਕਾਲੇ ਦਾ ਸਾਹਮਣਾ ਕਰਨਾ ਵੀ ਪੈ ਸਕਦਾ ਹੈ।

## ਪੁਲਸ ਵੱਲੋਂ ਸਿੱਖ ਪਰਵਾਰ ਨੂੰ ਪਰੇਸ਼ਾਨ ਕਰਨ 'ਤੇ ਹਾਈ ਕੋਰਟ ਸਖਤ

ਪ੍ਰਯਾਗਰਾਜ, 6 ਅਕਤੂਬਰ (ਪੋਸਟ ਬਿਊਰੋ)- ਇਲਾਹਾਬਾਦ ਹਾਈ ਕੋਰਟ ਨੇ ਉੱਤਰ ਪ੍ਰਦੇਸ਼ ਦੇ ਪੀਲੀਭੀਤ ਦੀ ਪੁਲਸ ਵੱਲੋਂ ਥਾਣੇਲਿਜਾ ਕੇ ਸਿੱਖ ਪਰਵਾਰ ਦੇ ਥਰਡ ਡਿਗਰੀ ਟਾਰਚਰ ਦੇਣ ਅਤੇ ਅਪਰਾਧਕ ਕੇਸ ਵਿੱਚ ਸ਼ਾਮਲ ਦੱਸਣ ਸਬੰਧੀ ਦਰਜ ਕੇਸ ਦੀ ਨਿਰਪੱਖ ਜਾਂਚ ਦਾ ਨਿਰਦੇਸ਼ ਦਿੱਤਾ ਹੈ। ਕੋਰਟ ਨੇ ਕਿਹਾ ਕਿ ਦੋਸ਼ੀ ਪੁਲਸ ਅਧਿਕਾਰੀਆਂ ਖਿਲਾਫ ਵਿਭਾਗੀ ਕਾਰਵਾਈ ਕੀਤੀ ਜਾਵੇ। ਕੋਰਟ ਨੇ ਦੋਵੇਂ ਕਾਰਵਾਈਆਂ ਤਿੰਨ ਮਹੀਨੇ ਵਿੱਚ ਪੂਰੀਆਂ ਕਰਨ ਦਾ ਹੁਕਮ ਦਿੱਤਾ ਹੈ। ਕੋਰਟ ਨੇ ਕਿਹਾ ਕਿ ਸ਼ੋਸ਼ਣ ਦੇ ਮੁਲਜ਼ਮ ਪੁਲਸ ਅਧਿਕਾਰੀਆਂ ਦੀ ਮੁਅੱਤਲੀ ਜਾਂ ਤਬਾਦਲਾ ਅੱਖਾਂ ਵਿੱਚ ਮਿੱਟੀ ਪਾਉਣ ਵਰਗਾ ਹੈ। ਉਨ੍ਹਾਂ ਖਿਲਾਫ ਠੋਸ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।



ਇਹ ਹੁਕਮ ਜਸਟਿਸ ਐਸ ਪੀ ਕੇਸਰਵਾਨੀ ਅਤੇ ਜਸਟਿਸ ਪਿਊਸ਼ ਅਗਰਵਾਲ ਦੇ ਬੈਂਚ ਨੇ ਰੇਸ਼ਮ ਸਿੰਘ ਦੀ ਪਟੀਸ਼ਨ ਉੱਤੇ ਦਿੱਤਾ ਹੈ। ਇਸ ਵਿੱਚ ਘਟਨਾ ਦੀ ਨਿਰਪੱਖ ਜਾਂਚ ਕਰਾਉਣ, ਦੋਸ਼ੀ ਪੁਲਸ ਅਧਿਕਾਰੀਆਂ ਦੀ ਗ੍ਰਿਫਤਾਰੀ ਤੇ ਕੋਰਟ ਦੀ ਮਾਨੀਟਰਿੰਗ ਦੀ ਮੰਗ ਕੀਤੀ ਗਈ ਸੀ। ਪਟੀਸ਼ਨਰ ਆਪਣੀਆਂ ਦੋ ਭੈਣਾਂ ਨਾਲ ਦੋ ਮਈ 2021 ਨੂੰ ਸੋਗ ਵਿੱਚ ਸ਼ਾਮਲ ਹੋਣ ਲਈ ਕਾਰ ਰਾਹੀਂ ਪੀਲੀਭੀਤ ਤੋਂ ਲਖੀਮਪੁਰ ਖੀਰੀ ਜਾ ਰਹੇ ਸਨ। ਸਵੇਰੇ ਨੌਂ ਵਜੇ ਅਨਾਜ ਮੰਡੀ ਉੱਤੇ ਪੁਲਸ ਵਾਲਿਆਂ ਨੇ ਰੋਕ ਕੇ ਗੱਡੀ ਦੇ ਕਾਗਜ਼ ਮੰਗੇ। ਕਾਗਜ਼ ਦਿਖਾਉਣ ਵਿੱਚ ਦੇਰੀ ਹੋਣ ਉੱਤੇਪੁਲਸ ਵਾਲੇ ਗਾਲੀ-ਗਲੋਚ ਕਰਨ ਲੱਗੇ। ਵਿਰੋਧ ਕਰਨ ਉੱਤੇ ਪਟੀਸ਼ਨਰ ਨੂੰ ਥਾਣੇ ਲਿਆ ਕੇ ਮਾਰਿਆ-ਕੁੱਟਿਆ। ਦੂਜੇ ਦਿਨ ਕੇਸ ਦਰਜ ਕਰ ਦਿੱਤਾ ਗਿਆ। ਇਸ ਘਟਨਾ ਦਾ ਵੀਡੀਓ ਇੰਟਰਨੈਟ ਮੀਡੀਆ ਉੱਤੇ ਵਾਇਰਲ ਹੋਣ ਨਾਲ ਸਿੱਖ ਭਾਈਚਾਰੇ ਵਿੱਚ ਗੁੱਸਾ ਫੈਲ ਗਿਆ ਤੇ ਦਿੱਲੀ ਸਿੱਖ ਗੁਰਦੁਆਰਾ ਕਮੇਟੀ ਨੇ ਗ੍ਰਹਿ ਮੰਤਰਾਲੇ ਨੂੰ ਸ਼ਿਕਾਇਤ ਕੀਤੀ। ਇਸ ਉੱਤੇ ਪਟੀਸ਼ਨਰ ਵੱਲੋਂ ਵੀ ਸ਼ਿਕਾਇਤ ਦਰਜ ਕੀਤੀ ਗਈ, ਪਰ ਐਸ ਪੀ ਨੇ ਮੁੱਢਲੀ ਜਾਂਚ ਕੀਤੇ ਬਿਨਾਂ ਪੁਲਸ ਵਾਲਿਆਂ ਦਾ ਤਬਾਦਲਾ ਅਤੇ ਸਸਪੈਂਸ਼ਨ ਕਰ ਦਿੱਤੀ। ਜ਼ਿੰਮੇਵਾਰ ਪੁਲਸ ਵਾਲਿਆਂ ਉੱਤੇ ਕੋਈ ਹੋਰ ਵਿਭਾਗੀ ਕਾਰਵਾਈ ਨਹੀਂ ਹੋਈ ਤਾਂ ਕੋਰਟ ਵਿੱਚਅਰਜ਼ੀ ਪੇਸ਼ ਕੀਤੀ ਗਈ। ਕੋਰਟ ਨੇ ਜਵਾਬ ਮੰਗਿਆ ਤਾਂ ਸੀ ਓ (ਕਰਾਈਮ) ਬਰੇਲੀ ਸ਼ਵੇਤਾ ਕੁਮਾਰੀ ਨੇ ਐਫੀਡੇਵਿਟ ਪੇਸ਼ ਕਰ ਕੇ ਕਿਹਾ ਕਿ ਪਟੀਸ਼ਨਰ ਦੇ ਖਿਲਾਫ ਕਈ ਧਾਰਾਵਾਂ ਹਟਾ ਲਈਆਂ ਅਤੇ ਪਰਵਾਰ ਖਿਲਾਫ ਕਾਰਵਾਈ ਖਤਮ ਕਰ ਦਿੱਤੀ ਹੈ।

## ਦਿੱਲੀ ਬਨਾਮ ਕੇਂਦਰ ਦੇ ਮੁੱਦੇ ਉੱਤੇ ਸੁਪਰੀਮ ਕੋਰਟ ਤਿੰਨ ਮੈਂਬਰੀ ਬੈਂਚ ਬਣਾਏਗੀ

ਨਵੀਂ ਦਿੱਲੀ, 6 ਅਕਤੂਬਰ (ਪੋਸਟ ਬਿਊਰੋ)- ਸੁਪਰੀਮ ਕੋਰਟ ਨੇ ਕਿਹਾ ਹੈ ਕਿ ਉਹ ਕੌਮੀ ਰਾਜਧਾਨੀ ਵਿੱਚ ਪ੍ਰਸ਼ਾਸਨਿਕ ਸੇਵਾਵਾਂ ਦੇ ਕੰਟਰੋਲ ਵਾਲੇ ਵਿਵਾਦਤ ਮੁੱਦੇ ਬਾਰੇ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਅਰਜ਼ੀਦੀ ਛੇਤੀ ਸੁਣਵਾਈ ਦੇ ਲਈ ਜਲਦੀ ਹੀ ਤਿੰਨ ਜੱਜਾਂ ਦਾ ਬੈਂਚ ਬਣਾਏਗੀ, ਜੋ ਦੀਵਾਲੀ ਮਗਰੋਂ ਇਸ ਦੀ ਸੁਣਵਾਈ ਕਰੇਗਾ।

ਇਹ ਮਾਮਲਾ ਦਿੱਲੀ ਵਿੱਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਸਰਕਾਰ ਵੱਲੋਂ ਦਾਇਰ ਕੀਤੀ ਅਰਜ਼ੀ ਦੇ 2019 ਵਿੱਚ ਵੰਡਣੇ ਫੈਸਲੇ ਨਾਲ ਸਬੰਧਤ ਹੈ। ਜਸਟਿਸ ਏ ਕੇ ਸੀਕਰੀਅਤੇ ਜਸਟਿਸ ਅਸ਼ੋਕ ਭੂਸ਼ਣ ਦੇ ਬੈਂਚ ਨੇ ਦਿੱਲੀ ਬਨਾਮ ਕੇਂਦਰ ਸਰਕਾਰ ਨਾਲ ਜੁੜੇ ਇਸ ਮੁੱਦੇ ਉੱਤੇ ਆਪਣੇ ਵੰਡੇ ਹੋਏ ਫੈਸਲੇ ਕਾਰਨ 14 ਫਰਵਰੀ 2019 ਨੂੰ ਭਾਰਤ ਦੇ ਚੀਫ ਜਸਟਿਸ ਨੂੰ ਇਸ ਦਾ ਆਖਰੀ ਫੈਸਲਾ ਲੈਣ ਲਈ ਤਿੰਨ ਜੱਜਾਂ ਦਾ ਬੈਂਚ ਬਣਾਉਣ ਦੀ ਸਿਫਾਰਸ਼ ਕੀਤੀ ਸੀ। ਇਹ ਦੋਵੇਂ ਜੱਜ ਇਸ ਵੇਲੇ ਸੇਵਾਮੁਕਤ ਹੋ ਚੁੱਕੇ ਹਨ। ਜਸਟਿਸ ਅਸ਼ੋਕ ਭੂਸ਼ਣ ਨੇ ਆਪਣੇ ਫੈਸਲੇ ਵਿੱਚ ਕਿਹਾ ਸੀ ਕਿ ਦਿੱਲੀ ਸਰਕਾਰ ਕੋਲ ਪ੍ਰਸ਼ਾਸਨਿਕ ਸੇਵਾਵਾਂ ਬਾਰੇ ਕੋਈ ਅਧਿਕਾਰ ਨਹੀਂ, ਜਦੋਂ ਕਿ ਜਸਟਿਸ ਸੀਕਰੀ ਨੇ ਵੱਖਰੀ ਰਾਇ ਵਿੱਚ ਕਿਹਾ ਸੀ ਕਿ ਅਫਸਰਾਂ ਦੇ ਸਿਖਰਲੇ ਅਹੁਦਿਆਂ (ਜੁਆਇੰਟ ਡਾਇਰੈਕਟਰ ਅਤੇ ਇਸ ਤੋਂ ਉੱਤੇ)ਦੇ ਤਬਾਦਲੇ ਜਾਂ ਪੋਸਟਿੰਗ ਕੇਂਦਰ ਸਰਕਾਰ ਵੱਲੋਂ ਕੀਤੀ ਜਾ ਸਕਦੀ ਹੈ ਅਤੇ ਜੇ ਹੋਰਨਾਂ ਨੌਕਰਸ਼ਾਹਾਂ ਨਾਲ ਸਬੰਧਤ ਮੁੱਦੇ ਉੱਤੇ ਕੋਈ ਵਖਰੇਵੇਂ ਵਾਲੀ ਸਥਿਤੀ ਬਣਦੀ ਹੈ ਤਾਂ ਉਥੇ ਲੈਫਟੀਨੈਂਟ ਜਨਰਲ ਦੀ ਰਾਏ ਅਸਰ ਕਰੇਗੀ। ਚੀਫ ਜਸਟਿਸ ਐਨ ਵੀ ਰਾਮੰਨਾ, ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਹਿਮਾ ਕੋਹਲੀ ਦੇ ਬੈਂਚ ਨੇ ਕਿਹਾ ਕਿ ਉਹ ਦੁਸਹਿਰੇ ਦੀਆਂ ਛੁੱਟੀਆਂ ਮਗਰੋਂ ਬੈਂਚ ਕਾਇਮ ਕਰਨਗੇ, ਜਦੋਂ ਕਿ ਪਟੀਸ਼ਨ ਨੂੰ ਦੀਵਾਲੀ ਦੀਆਂ ਛੁੱਟੀਆਂ ਮਗਰੋਂ ਕੇਸ ਸੂਚੀਬੱਧ ਕੀਤਾ ਜਾਵੇਗਾ।

## ਮੁੰਬਈ ਦੇ ਸਾਬਕਾ ਪੁਲਸ ਮੁਖੀ ਪਰਮਬੀਰ ਸਿੰਘ ਫਰਜ਼ੀ ਪਾਸਪੋਰਟ ਦੇ ਨਾਲ ਦੇਸ਼ ਤੋਂ ਨਿਕਲ ਗਏ!

ਨਵੀਂ ਦਿੱਲੀ, 6 ਅਕਤੂਬਰ (ਪੋਸਟ ਬਿਊਰੋ)- ਜਾਂਚ ਏਜੰਸੀਆਂ ਦਾ ਕਹਿਣਾ ਹੈ ਕਿ ਮੁੰਬਈ ਪੁਲਸ ਦੇ ਸਾਬਕਾ ਕਮਿਸ਼ਨਰ ਪਰਮਬੀਰ ਸਿੰਘ, ਮਹਾਰਾਸ਼ਟਰ ਪੁਲਸ ਵੱਲੋਂ ਲੁੱਕਆਊਟ ਸਰਕੂਲਰ (ਐਲ ਓ ਸੀ) ਜਾਰੀ ਕਰਨ ਤੋਂ ਪਹਿਲਾਂ ਜਾਂ ਫਰਜ਼ੀ ਪਾਸਪੋਰਟ ਨਾਲ ਦੇਸ਼ ਛੱਡ ਕੇ ਚਲੇ ਗਏ ਹੋਣਗੇ। ਅਧਿਕਾਰੀਆਂ ਦੇ ਮੁਤਾਬਕ ਪਰਮਬੀਰ ਸਿੰਘ ਦੇ ਛੁੱਟੀ ਉੱਤੇ ਜਾਣ ਤੋਂ ਦੋ ਮਹੀਨੇ ਬਾਅਦ ਮਹਾਰਾਸ਼ਟਰ ਪੁਲਸ ਨੇ ਐਲ ਓ ਸੀ ਜਾਰੀ ਕੀਤਾ ਸੀ।

ਵਰਨਣ ਯੋਗ ਹੈ ਕਿ ਪਰਮਬੀਰ ਸਿੰਘ ਨੇ ਸੱਤ ਮਈ ਨੂੰ ਆਪਣੀ ਖਰਾਬ ਸਿਹਤ ਦਾ ਹਵਾਲਾ ਦਿੰਦੇ ਹੋਏ ਛੁੱਟੀ ਦੀ ਅਰਜ਼ੀ ਦਿੱਤੀ ਸੀ। ਛੁੱਟੀ ਲੈ ਕੇ ਉਹ ਚੰਡੀਗੜ੍ਹ ਚਲੇ ਗਏ। ਉਥੋਂ ਉਨ੍ਹਾਂ ਆਪਣੀਆਂ ਛੁੱਟੀਆਂ ਵਧਾ ਦਿੱਤੀਆਂ, ਪਰ ਉਸ ਤੋਂ ਬਾਅਦ ਉਨ੍ਹਾਂ ਦਾ ਪਤਾ ਨਹੀਂ ਲੱਗਾ। ਉਨ੍ਹਾਂ ਖਿਲਾਫ ਪਹਿਲੀ ਐਲ ਓ ਸੀ ਜੁਲਾਈ ਦੇ ਅੱਧ ਵਿੱਚ ਜਾਰੀ ਹੋਈ ਸੀ।

## ਤਾਲਿਬਾਨੀ ਲੜਾਕਿਆਂ ਵੱਲੋਂ 'ਕਰਤੇ ਪਰਵਾਨ' ਗੁਰਦੁਆਰੇ ਦੀ ਭੰਨ-ਤੋੜ



ਕਾਬੁਲ, 6 ਅਕਤੂਬਰ (ਪੋਸਟ ਬਿਊਰੋ)- ਤਾਲਿਬਾਨ ਲੜਾਕਿਆਂ ਨੇ ਕੱਲ੍ਹ ਕਾਬੁਲ ਦੇ ਕਰਤਾ ਪਰਵਾਨ ਗੁਰਦੁਆਰੇ ਉੱਤੇ ਹਮਲਾ ਕੀਤਾ, ਜਿਸ ਦੌਰਾਨ ਭੰਨਤੋੜ ਵੀ ਕੀਤੀ। ਏਥ ਗੁਰੂ ਨਾਨਕ ਦੇਵ ਜੀ ਆਏ ਸਨ।

ਇੰਡੀਅਨ ਵਰਲਡ ਫੋਰਮ ਦੇ ਪ੍ਰਧਾਨ ਪੁਨੀਤ ਸਿੰਘ ਚੰਡੋਕ ਦੇ ਮੁਤਾਬਕ ਕਾਬੁਲ ਵਿੱਚ ਇੱਕ ਵਾਰ ਫਿਰ ਤਾਲਿਬਾਨ ਦੇ ਸਾਰੇ ਦਾਅਵਿਆਂ ਦੀ ਪੋਲ ਖੁੱਲ੍ਹੀ ਹੈ। ਹਥਿਆਰਾਂ ਨਾਲ ਲੈਸ ਤਾਲਿਬਾਨ ਲੜਾਕਿਆਂ ਨੇ ਕਾਬੁਲ ਸਥਿਤ ਗੁਰਦੁਆਰੇ ਵਿੱਚ ਦਾਖ਼ਲ ਹੋ ਕੇ ਕਈ ਲੋਕਾਂ ਨੂੰ ਹਿਰਾਸਤ ਵਿੱਚ ਲਿਆ ਹੈ। ਸਥਾਨਕ ਲੋਕਾਂ ਦਾ ਦੋਸ਼ ਹੈ ਕਿ ਤਾਲਿਬਾਨ ਨੇ ਗੁਰਦੁਆਰੇ ਦੇ ਸੀ ਸੀ ਟੀ ਵੀ ਕੈਮਰਿਆਂ ਨੂੰ ਵੀ ਤੋੜ ਦਿੱਤਾ। ਇਸ ਤੋਂ ਇਲਾਵਾ ਗੁਰ-ਦੁਆਰੇ ਵਿੱਚ ਵੀ ਭੰਨ-ਤੋੜ ਕੀਤੀ ਗਈ।

## ਫਰਾਂਸੀ ਕੈਥੋਲਿਕ ਚਰਚ ਵਿੱਚ 70 ਸਾਲਾਂ ਵਿੱਚ 3.30 ਲੱਖ ਬੱਚਿਆਂ ਦਾ ਸ਼ੋਸ਼ਣ ਹੁੰਦਾ ਰਿਹਾ

ਪੈਰਿਸ, 6 ਅਕਤੂਬਰ (ਪੋਸਟ ਬਿਊਰੋ)- ਫਰਾਂਸ ਦੇ ਇੱਕ ਆਜ਼ਾਦ ਕਮਿਸ਼ਨ ਦੀ ਰਿਪੋਰਟ ਨੇ ਦੇਸ਼ ਦੇ ਕੈਥੋਲਿਕ ਚਰਚ ਵਿੱਚ ਪਿਛਲੇ ਸੱਤਰ ਸਾਲਾਂ ਤੋਂ ਵੱਧ ਸਮੇਂ ਦੌਰਾਨ ਹੋਈਆਂ ਜਿਨਸੀ ਸ਼ੋਸ਼ਣ ਦੀਆਂ ਘਟਨਾਵਾਂ ਦਾ ਸਨਸਨੀਖੇਜ਼ ਪਰਦਾ ਫਾਸ਼ ਕੀਤਾ ਅਤੇ ਦੱਸਿਆ ਕਿ ਇਸ ਦੌਰਾਨ ਕਰੀਬ 3.30 ਲੱਖ ਬੱਚੇ ਚਰਚ ਵਿੱਚ ਸ਼ੋਸ਼ਣ ਦੇ ਸ਼ਿਕਾਰ ਹੋਏ।



ਰਿਪੋਰਟ ਜਾਰੀ ਕਰਨ ਵਾਲੇ ਕਮਿਸ਼ਨ ਦੇ ਮੁਖੀ ਜਯਾਂ ਮਾਰਕ ਸੌਵੇ ਨੇ ਕਿਹਾ ਕਿ ਇਹ ਅਨੁਮਾਨ ਵਿਗਿਆਨਕ ਖੋਜ ਉੱਤੇ ਆਧਾਰਤ ਹੈ। ਇਸ ਵਿੱਚ ਪਾਦਰੀਆਂ ਅਤੇ ਹੋਰ ਵਿਅਕਤੀਆਂ ਵੱਲੋਂ ਤਸ਼ੱਦਦ ਦੇ ਮਾਮਲੇ ਸ਼ਾਮਲ ਹਨ। ਪੀੜਤਾਂ ਵਿੱਚ ਅੱਸੀ ਫੀਸਦੀ ਬੱਚੇ (ਉਮਰ 10-13 ਸਾਲ) ਅਤੇ 20 ਫੀਸਦੀ ਦੂਸਰੇ ਹਨ। ਸੌਵੇ ਨੇ ਕਿਹਾ ਕਿ ਇਸ ਦੇ ਨਤੀਜੇ ਬਹੁਤ ਗੰਭੀਰ ਹਨ। ਜਿਨਸੀ ਸ਼ੋਸ਼ਣ ਦਾ ਸ਼ਿਕਾਰ ਹੋਏ 60 ਫੀਸਦੀ ਬੱਚੇ ਤੇ ਬੱਚੀਆਂ ਨੂੰ ਜ਼ਿੰਦਗੀ ਭਰ ਭਾਵਨਾਤਮਕ ਅਤੇ ਕਈ ਹੋਰ ਗੁੰਝਲਾਂ ਦਾ ਸਾਹਮਣਾ ਕਰਨਾ ਪਿਆ। ਕਮਿਸ਼ਨ ਨੇ 2500 ਪੰਨਿਆਂ ਦੀ ਰਿਪੋਰਟ ਵਿੱਚ ਕਿਹਾ ਕਿ ਬੱਚਿਆਂ ਦਾ ਸ਼ੋਸ਼ਣ ਕਰਨ ਵਾਲੇ ਕਰੀਬ 3000 ਲੋਕਾਂ ਵਿੱਚੋਂ ਦੋ ਤਿਹਾਈ ਪਾਦਰੀ ਸਨ। ਪਾਦਰੀ ਜਾਂ ਚਰਚ ਨਾਲ ਸਬੰਧਤ ਹੋਰ ਲੋਕਾਂ ਵੱਲੋਂ ਸ਼ੋਸ਼ਣ ਦੇ ਸ਼ਿਕਾਰ ਬੱਚਿਆਂ ਦੀ ਗਿਣਤੀ 2,16,000 ਹੋ ਸਕਦੀ ਹੈ।

ਪੀੜਤਾਂ ਦੀ ਆਵਾਜ਼ ਉਠਾਉਣ ਵਾਲੇ ਸੰਗਠਨ ਪਾਰਲਰ ਐਟ ਰੇਵਿਵਰੇ (ਖੁੱਲ੍ਹ ਕੇ ਬੋਲੋ ਤੇ ਫਿਰ ਤੋਂ ਜੀਓ) ਨੇ ਜਾਂਚ ਵਿੱਚ ਕਮਿਸ਼ਨ ਦੀ ਮਦਦ ਕੀਤੀ। ਸੰਗਠਨ ਦੇ ਮੁਖੀ ਓਲੀਵਿਰ ਸੈਵਿਗਨਾਕ ਨੇ ਕਿਹਾ ਕਿ ਸ਼ੋਸ਼ਣ ਕਰਨ ਵਾਲਿਆਂ ਅਤੇ ਪੀੜਤਾਂ ਦਾ ਉਚੇਰਾ ਅਨੁਪਾਤ ਫ੍ਰਾਂਸੀਸੀ ਸਮਾਜ ਤੇ ਕੈਥੋਲਿਕ ਚਰਚ ਦੇ ਸੋਸ਼ਣ ਕਾਂਡ ਤੋਂ ਬਾਅਦ ਸਾਹਮਣੇ ਆਇਆ, ਜਿਸ ਨਾਲ ਫਰਾਂਸੀਸੀ ਕੈਥੋਲਿਕ ਚਰਚ ਹਿੱਲ ਗਿਆ ਸੀ। ਬਰਖਾਸਤ ਪਾਦਰੀ ਬਨਾਰਡ ਪ੍ਰੇਅਨੈਟ ਨੂੰ ਪਿਛਲੇ ਹੀ ਸਾਲ ਨਬਾਲਗ ਨਾਲ ਜਿਨਸੀ ਸ਼ੋਸ਼ਣ ਵਿੱਚ ਪੰਜ ਸਾਲ ਦੀ ਸਜ਼ਾ ਹੋਈ ਹੈ। ਬਨਾਰਡ ਨੇ 75 ਨਬਾਲਗ ਮੁੰਡਿਆਂ ਦੇ ਜਿਨਸੀ ਸ਼ੋਸ਼ਣ ਦੀ ਗੱਲ ਮੰਨੀ ਸੀ।ਕਮਿਸ਼ਨ ਨੇ ਢਾਈ ਸਾਲ ਤਕ ਜਾਂਚ ਕੀਤੀ। ਪੀੜਤਾਂ ਤੇ ਚਸ਼ਮਦੀਦ ਗਵਾਹਾਂ ਦੇ ਬਿਆਨ ਦਰਜ ਕੀਤੇ, ਚਰਚ, ਅਦਾਲਤ, ਪੁਲਸ ਅਤੇ ਸਾਲ 1950 ਦੇ ਆਸ-ਪਾਸ ਮੀਡੀਆ ਵਿੱਚ ਪ੍ਰਕਾਸ਼ਿਤ ਕੇਸਾਂ ਦਾ ਅਧਿਅਨ ਕੀਤਾ ਗਿਆ। ਵਿਸ਼ੇਸ਼ ਹੈਲਪਲਾਈਨ ਵੀ ਸ਼ੁਰੂ ਕੀਤੀ ਗਈ। ਇਸ ਦੌਰਾਨ 6500 ਤੋਂ ਵੱਧ ਲੋਕਾਂ ਨੇ ਫੋਨ ਉੱਤੇ ਸੂਚਨਾਵਾਂ ਦਿੱਤੀਆਂ। ਸੌਵੇ ਨੇ ਸ਼ੋਸ਼ਣ ਦੇ ਇਨ੍ਹਾਂ ਮਾਮਲਿਆਂ ਬਾਰੇ ਸਾਲ 2000 ਤੋਂ ਪਹਿਲਾਂ ਦੇ ਚਰਚ ਦੇ ਵਤੀਰੇ ਦੀ ਵੀ ਆਲੋਚਨਾ ਕੀਤੀ।

## ਤਾਲਿਬਾਨ ਦੀ 'ਪਾਰਖੂ ਨਜ਼ਰ', ਸੰਨ 2000 ਤੋਂ 2020 ਤਕ ਹਾਈ ਸਕੂਲ ਪਾਸ ਕਰ ਚੁੱਕੇ ਲੋਕ 'ਕਿਸੇ ਕੰਮ ਦੇ ਨਹੀਂ'

ਕਾਬੁਲ, 6 ਅਕਤੂਬਰ (ਪੋਸਟ ਬਿਊਰੋ)- ਤਾਲਿਬਾਨ ਨੇ ਕਿਹਾ ਹੈ ਕਿ ਅਫਗਾਨਿਸਤਾਨ ਵਿੱਚ ਪਿਛਲੇ 20 ਸਾਲਾਂ ਦੌਰਾਨ ਜਿਨ੍ਹਾਂ ਲੋਕਾਂ ਨੇ ਹਾਈ ਸਕੂਲ ਦੀ ਪ੍ਰੀਖਿਆ ਪਾਸ ਕੀਤੀ ਹੈ, ਉਹ ਕਿਸੇ ਕੰਮ ਦੇ ਨਹੀਂ ਹਨ।

ਟੋਲੋ ਨਿਊਜ਼ ਦੇ ਅਨੁਸਾਰ ਕਾਬੁਲ ਵਿੱਚ ਕਾਲਜਾਂ ਦੇ ਟੀਚਰਾਂ ਨਾਲ ਬੈਠਕ ਦੌਰਾਨ ਤਾਲਿਬਾਨ ਸਰਕਾਰ ਦੇ ਉਚ ਸਿਖਿਆ ਮੰਤਰੀ ਅਬਦੁਲ ਬਾਕੀ ਹੱਕਾਨੀ ਨੇ ਕਿਹਾ ਕਿ ਪਿਛਲੇ 20 ਸਾਲਾਂ ਵਿੱਚ ਹਾਈ ਸਕੂਲ ਦੀ ਪ੍ਰੀਖਿਆ ਪਾਸ ਕਰਨ ਵਾਲੇ ਲੋਕ ਕਿਸੇ ਕੰਮ ਦੇ ਨਹੀਂ। ਹੱਕਾਨੀ ਦਾ ਮਤਲਬ ਉਸ ਦੌਰ ਤੋਂ ਹੈ, ਜਦੋਂ ਤਾਲਿਬਾਨ ਅਮਰੀਕਾ ਦੇ ਸਮਰਥਕ ਹਾਮਿਦ ਕਰਜ਼ਈ ਤੇ ਅਸ਼ਰਫ ਗਨੀ ਦੀਆਂ ਸਰਕਾਰ ਨਾਲ ਸੱਤਾ ਦੀ ਜੰਗ ਲੜ ਰਿਹਾ ਸੀ। ਹੱਕਾਨੀ ਨੇ ਕਿਹਾ ਕਿ ਉਨ੍ਹਾਂ ਟੀਚਰਾਂ ਨੂੰ ਮੌਕਾ ਦੇਣਾ ਚਾਹੀਦਾ ਹੈ, ਜੋ ਵਿਦਿਆਰਥੀਆਂ ਉੱਤੇ ਪ੍ਰਭਾਵ ਪਾ ਸਕਣ। ਵਿਦਿਆਰਥੀਆਂ ਨੂੰ ਏਦਾਂ ਦਾਬਣਾਇਆ ਜਾਏ, ਜਿਨ੍ਹਾਂ ਦੀ ਪ੍ਰਤਿਭਾ ਦੀ ਅਫਗਾਨਿਸਤਾਨ ਦੇ ਹਿੱਤ ਵਿੱਚ ਵਰਤੋਂ ਹੋ ਸਕੇ। ਧਾਰਮਿਕ ਸਿੱਖਿਆ ਨੂੰ ਖਾਸ ਪਹਿਲ ਦਿੰਦੇ ਹੋਏ ਤਾਲਿਬਾਨ ਸਰਕਾਰ ਦੇ ਮੰਤਰੀ ਨੇ ਕਿਹਾ ਕਿ ਮਦਰੱਸਿਆਂ ਅਤੇ ਧਾਰਮਿਕ ਸਥਾਨਾਂ ਵਿੱਚ ਪੜ੍ਹਨ ਵਾਲੇ ਲੋਕ ਮਾਸਟਰਾਂ ਅਤੇ ਪੀ ਐਚ ਡੀ ਹੋਲਡਰਾਂ ਤੋਂ ਬਿਹਤਰ ਹਨ।




ਇਸ ਦੌਰਾਨ ਡੇਲੀ ਨਿਊਜ਼ ਅਨੁਸਾਰ ਤਾਲਿਬਾਨ ਸਰਕਾਰ ਦੇ ਗ੍ਰਹਿ ਮੰਤਰਾਲੇ ਨੇ ਕਿਹਾ ਹੈ ਕਿ ਪਾਸਪੋਰਟ ਉੱਤੇਅੱਗੇ ਤੋਂ ਇਸਲਾਮਿਕ ਰਿਪਬਲਿਕ ਆਫ ਅਫਗਾਨਿਸਤਾਨ ਲਿਖਿਆ ਹੋਵੇਗਾ। ਅਫਗਾਨਿਸਤਾਨ ਵਿੱਚ ਤਾਲਿਬਾਨੀ ਕਬਜ਼ੇ ਦੇ ਬਾਅਦ ਸਥਿਤੀ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ। ਇਸ ਦਾ ਕਾਰਨ ਇਹ ਹੈ ਕਿ ਖਾਣੇ ਅਤੇ ਪਾਣੀ ਦੀ ਭਾਰੀ ਕਮੀ ਨੇ ਕਈ ਲੋਕਾਂ ਨੂੰ ਭੁੱਖਮਰੀ ਵੱਲ ਸੁਟ ਦਿੱਤਾ ਹੈ। ਕਈ ਛੋਟੇ ਬੱਚਿਆਂ ਦੀ ਮੌਤ ਹੋ ਗਈ ਹੈ।


Century 21
President Realty Inc
Brokerage*
Independently Owned and Operated.



ਓਂਟਾਰੀਓ ਦੇ ਕਿਸੇ ਵੀ ਸ਼ਹਿਰ ਵਿਚ ਪ੍ਰਾਪਰਟੀ ਖਰੀਦਣ ਲਈ ਕਾਲ ਕਰੋ
Jagdish Grewal
Sales Repersentative
Call Now: (416)-970-5005



$799,900
Sandalwood & Kennedy
ਬਹੁਤ ਹੀ ਖੂਬਸੂਰਤ detached ਘਰ 3 ਬੈੱਡਰੂਮ, 1 ਬੈੱਡਰੂਮ ਦੀ ਫਿਨਿਸ਼ੇਡ ਬੇਸਮੈਂਟ , ਸਕੂਲ, ਪਬਲਿਕ ਬੱਸ ਸਰਵਿਸ ਅਤੇ ਪਲਾਜ਼ਾ ਦੇ ਨੇੜੇ!



$849,900
Bramalea & Peter Robertson
3 ਬੈੱਡਰੂਮ semi-detached ਘਰ ਦੇ ਵਿਚਕਾਰ ਬਿਲਟ ਇਨ ਕਿਚਨ ,ਗਰੇਨਾਇਟ ਕਾਊਂਟਰ, ਵੂਲਫ ਗੈਸ ਸਟੋਵ, ਬਹੁਤ ਹੀ ਸੁੰਦਰ ਗਾਰਡਨ ਅਤੇ ਬੈਕਯਾਰਡ ਏਰੀਆ ਪ੍ਰਾਈਮ ਲੋਕੇਸ਼ਨ, ਪਬਲਿਕ ਬੱਸ ਸਰਵਿਸ, ਹਸਪਤਾਲ, ਸਕੂਲ ਅਤੇ ਪਲਾਜ਼ਾ ਦੇ ਨੇੜੇ.



$699,900
Bovaird & Royal Orchard
3 ਬੈੱਡਰੂਮ ਟਾਊਨ ਹਾਊਸ ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ੇਡ ਬੇਸਮੈਂਟ,ਵੱਡਾ ਡ੍ਰਾਈਵੇ,ਲੈਮੀਨੇਟ ਫਲੋਰ,ਪਹਿਲੀ ਵਾਰ ਘਰ ਖਰੀਦਣ ਵਾਲਿਆ ਲਈ ਵਧੀਆ ਮੌਕਾ



$799,999
Bovaird & Bramlea Rd
3 +1 ਬੈੱਡਰੂਮ ਘਰ ਵੱਖਰੀ ਐਂਟਰੈਸ ਵਾਲੀ ਬਣੀ ਹੋਈ ਬੇਸਮੈਂਟ,ਵਾਕਆਊਟ ਵੱਡਾ ਯਾਰਡ ,ਨਵੀ ਕਿਚਨ,ਪੋਟ ਲਾਈਟਾਂ,ਫਾਈਰ ਪਲੇਸ



$1,199,000
Bovaird & Worthington
4 ਬੈੱਡਰੂਮ, ਡੀਟੈਚਡ ਘਰ ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ੇਡ ਬੇਸਮੈਂਟ,ਵੱਡਾ ਡ੍ਰਾਈਵੇ,ਲੈਮੀਨੇਟ ਫਲੋਰ,ਲੈਂਡਸਕੇਪ ਤੇ ਹਜ਼ਾਰਾਂ ਡਾਲਰ ਖਰਚ ਕੀਤੇ ਹੋਏ ,ਗਰੇਨਾਇਟ ਕਾਊਂਟਰ,ਪੋਟ ਲਾਈਟਾਂ,ਅੱਪਗਰੇਡ ਹਾਰਡਵੁਡ



$1,179,000
Pertosa & WillamsParkway
4 +2 ਬੈੱਡਰੂਮ ਡੀਟੈਚਡ ਘਰ ,ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ੇਡ ਬੇਸਮੈਂਟ,ਵੱਡਾ ਡ੍ਰਾਈਵੇ,ਪ੍ਰਾਈਮ ਲੋਕੇਸ਼ਨ ਅਤੇ ਪਲਾਜ਼ਾ ਦੇ ਨੇੜੇ



$1,299,000
Gore & Cotrelle
3 ਬੈੱਡਰੂਮ, ਡੀਟੈਚਡ ਘਰ , 2000 sq.ft ,1 ਬੈੱਡਰੂਮ ਦੀ ਫਿਨਿਸ਼ੇਡ ਬੇਸਮੈਂਟ ,ਵੱਡਾ ਡੇਕ,ਕਾਫੀ ਅਪਗ੍ਰੇਡ ਕੀਤਾ ਮੋਡਰਨ ਕਿਚਨ ,ਪਾਰਕਿੰਗ ਲਈ ਖੁੱਲਾ ਗੈਰਾਜ



$999,800
Bovaird & Hwy 410
4 ਬੈੱਡਰੂਮ ਡੀਟੈਚਡ ਘਰ, ਪਬਲਿਕ ਬੱਸ ਸਰਵਿਸ,ਸਕੂਲ,ਪਲਾਜ਼ਾ, 410/407 ਹਾਈਵੇ ਨੇੜੇ, ਅਪਗ੍ਰੇਡ ਕੀਤਾ ਮੌਡਰਨ ਕਿਚਨ


(416) 970-5005 www.vipcondonetwork.com
80 Maritime Ontario Blvd #246 Brampton, ON L6S 0E7 Call: 905-488-2100 Fax : 905-488-2101



Visions of Punjab



Natasha Mahal
Co-Host
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com



Iqbal Mahal
Producer & Host
Serving the South Asian Community Since 1976



jobs! jobs! jobs! jobs! jobs!
DUNDAS·JAFINE
HELP WANTED
ਕਾਮਿਆਂ ਦੀ ਲੋੜ
ਜਨਰਲ ਲੇਬਰ ਦਾ ਕੰਮ ਉਪਲੱਬਧ ਹੈ
ਬਰੈਂਪਟਨ ਦੇ ਇਲਾਕੇ ਡੰਡਾਸ ਜੈਫਿਨ, Air Distribution Products ਦੀ Leading Manufacture company HVAC Industry ਲਈ ਫੁੱਲ ਟਾਈਮ ਪੋਜੀਸ਼ਨ ਉਪਲੱਬਧ ਹੈ।
Afternoon and Midnight Shifts Available.
ਕਾਮਿਆਂ ਨੂੰ ਹੇਠ ਲਿਖੇ ਕਾਰਨ ਵਿੱਚ ਸਮਰੱਥ ਹੋਣਾ ਜਰੂਰੀ ਹੈ:
* ਸੁਤੰਤਰ ਤੌਰ ਤੇ ਕੰਮ ਕਰੋ * 20Lbs ਤੱਕ ਭਾਰ ਚੁੱਕ ਸਕਣ
* ਆਪਣੇ Safety Shoes ਹੋਣੇ ਚਾਹੀ ਦੇ ਹਨ
ਅਪਲਾਈ ਕਰਨ ਲਈ ਆਪ ਪਹੁੰਚੋ:
80 West Drive, Brampton
Apply In Person to complete application in the Shipping Department

ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 31 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ

- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection

Avtar Singh Tiwana
Sales Representative
Tel: 905.793.5777
416.802.5866
31 Melanie Dr. Unit #4 Brampton, ON L6T 5H8

SOLD
$1,399,999
CASTLEMORE/GOREWAY
ਬਰੈਂਪਟਨ ਵਿਚ ਬਹੁਤ ਹੀ ਸੋਹਣਾ ਅਤੇ ਸਾਫ਼ ਸੁਥਰਾ 3500-5000 ਵਰਗ ਦਾ 4 ਬੈਡਰੂਮ ਅਤੇ 5 ਵਾਸ਼ਰੂਮ ਦਾ ਘਰ, ਫਿਨਿਸ਼ਡ ਬੇਸਮੈਂਟ ਵਿਚ ਕਿਚਨ ਅਤੇ ਸੈਪਰੇਟ ਐਂਟਰੈਂਸ, ਮੇਨ ਫਲੋਰ 'ਤੇ 9 ਫੁੱਟ ਦੀ ਸੀਲਿੰਗ,ਫਾਰਮਲ ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ, ਮੇਨ ਫਲੋਰ ਤੇ ਡੈਨ, ਅਪਗ੍ਰੇਡ ਕਿਚਨ ਅਤੇ ਗਰੇਨਾਈਟ ਕਾਊਂਟਰ ਟਾਪ, 2 ਫਰਿਜ, 2 ਸਟੋਵ, 1 ਡਿਸ਼ਵਾਸ਼ਰ, ਕੱਪੜੇ ਧੋਣ ਲਈ ਮੇਨ ਫਲੋਰ 'ਤੇ ਵਾਸ਼ਰ ਅਤੇ ਡਰਾਈਅਰ, 4 ਕਾਰ ਪਾਰਕਿੰਗ ਨਾਲ ਡਬਲ ਡੋਰ ਗਰਾਜ। ਸਾਰੀਆਂ ਸਹੂਲਤਾਂ ਦੇ ਨੇੜੇ

FOR SALE
$1,749,900
8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866

FOR SALE
$1,950,000
26 Yellow RomeRd
ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਦ ਇਨਸੂਟ ਅਤੇ ਵਾਕਇਨ ਕਲਾਜਿਟ, ਮਾਡਰਨ ਕਿਚਨ ਗ੍ਰੇਨਾਈਟ ਕਊਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੇਂਟ ਵਿਦ ਸੈਪਰੇਟ ਐਂਟਰੇਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜ਼ਲ ਉਤੇ ਲਾਊਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ

Dr. Randhawa Dentistry
Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
Mayfield Rd / Mcvean Dr / DENTISTRY / Squire Ellis Dr / Gore Rd / Countryside Dr

## ਮਹਿਲਾ ਵਰਕਰ ਦੀ ਲੋੜ

ਬੱਚੇ ਦੀ ਦੇਖਭਾਲ ਅਤੇ ਘਰ ਦੇ ਹਰ ਕੰਮ ਲਈ ਤਜਰਬੇਕਾਰ ਮਹਿਲਾ ਕਰਮਚਾਰੀ ਦੀ ਲੋੜ ਹੈ। ਵਿਦਿਆਰਥੀ ਇਸ ਨੌਕਰੀ ਲਈ ਅਰਜੀ ਨਾ ਦੇਣ। ਵਧੇਰੇ ਜਾਣਕਾਰੀ ਲਈ ਪ੍ਰਵੀਨ ਨਾਲ ਸੰਪਰਕ ਕਰੋ: **647-281-4454**

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

WWW.KULWINDERCHHINA.COM
MULTI AWARD WINNER
REALTOR
KULWINDERCHHINA
BROKER
647.293.2327

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

# ਲੜਕੀ ਦੀ ਲੋੜ

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

Sikh Ramgarhiya family seeking match for their son 29 years, 6ft. Masters in Computer Science, working as a Software developer in a US based company. Boy is a PR and well settled in Canada. Preference will be given to someone already in Canada. Please contact +1-613-769-2680 or +91-97799-21292.

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਕੈਨੇਡਾ ਵਿਚ ਵੈੱਲ ਸੈਟਲਡ ਪੀ.ਆਰ. ਲੜਕਾ, ਟਰੱਕਿੰਗ ਇੰਡਸਟਰੀ ਵਿਚ ਵਧੀਆ ਨੌਕਰੀ ਕਰ ਰਿਹਾ, ਉਮਰ 30 ਸਾਲ, ਕੱਦ 5'9" ਲਈ ਕੈਨੇਡੀਅਨ ਪੀ.ਆਰ./ਸਿਟੀਜਨ, ਵਰਕ ਪਰਮਿਟ ਜਾਂ ਆਪਣੇ ਪਰਿਵਾਰ ਨਾਲ ਰਹਿ ਰਹੀ ਲੜਕੀ ਦੀ ਲੋੜ ਹੈ। ਲੜਕੇ ਦੀ ਭੈਣ ਕੈਨੇਡਾ ਵਿਚ ਆਪਣੇ ਪਰਿਵਾਰ ਨਾਲ ਰਹਿੰਦੀ ਹੈ। ਸੰਪਰਕ: 647-608-4013

# ਲੜਕੀ ਦੀ ਲੋੜ

ਜੱਟ ਸਿੱਖ ਲੜਕਾ, 29, ਕੱਦ 5 ਫੁੱਟ, 9 ਇੰਚ, ਅਮਰੀਕਾ ਜੰਮਪਲ, ਸਾਰਾ ਪਰਿਵਾਰ ਵੈਲ ਸੈਟਲਡ, Residency doctor ਕਰ ਰਹੇ ਲੜਕੇ ਲਈ ਅਮਰੀਕਨ ਜਾਂ ਕੈਨੇਡੀਅਨ ਜੰਮਪਲ ਲੜਕੀ ਦੀ ਲੋੜ ਹੈ। ਸੰਪਰਕ:+12627165859, email: karan2@sbcglobal.net

Seeking a suitable match for their son, never married, 45 years, 6" tall, Fair, Ramdasia Gursikh, Amritdhari, Canadian citizen. Father class 1 retired officer and well settled family. Serious queries please respond on email sukhi_cancer@yahoo.com or Call 416-721-5191 (contact after 5 pm)

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at

Check our Free E-paper at:
www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਪੰਜਾਬੀ ਪੋਸਟ

# ਲੜਕੇ ਦੀ ਲੋੜ

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## Sales Person Required

**Dubai Jewellers:** Sales person required at Dubai Jewellers with Jewellery sale experience for part time/full time job. For more information contact Raj 416-465-1200.

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਚਨੋਆ

ਫੋਨਾਂ ਦੇ ਸਸਤੇ ਪਲਾਨ ਗਾਰੰਟਿਡ
ਸਸਤੇ ਫੋਨਾਂ ਦੇ ਪਲਾਨ, ਕਿ ਸੁਣ ਕੇ ਹੋ ਜਾਉਗੇ ਹੈਰਾਨ,
ਇਕ ਵਾਰੀ ਅਜਮਾਓ ਤੇ ਫਿਰ ਹੋਰਾਂ ਨੂੰ ਵੀ ਲਿਆਓ
20 ਸਾਲਾਂ ਤੋ ਇਕੋ ਨਾਮ-ਇਕੋ ਦੁਕਾਨ
(905)790-9999
2565 Steeles Ave. E, Brampton (Steeles/Torbram)

A/Z CITY DRIVER WANTED
INNOVATION Transportation
- A/Z City Drivers Needed
- Good Pay and good Mileage
- Day, Afternoon & Weekend Shifts
- Weekly Pay

$22 /Hour
• 7 Days Work • All Shifts Available
Toronto ਤੇ Montreal ਲਈ ਵੀ ਡਰਾਇਵਰਾਂ ਦੀ ਲੋੜ ਹੈ
Call : 416- 268-9952
70 Delta Park Blvd, Unit # 4, Brampton

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ

ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

You can Place Your Business Here To Reach Wider Audience
(905)793-2202
For more info Call 905-793-2202 or e-mail ads@punjabipost.ca

WORK MATCH INC.
ਲੈਂਡਸਕੇਪ ਕਾਮਿਆਂ ਦੀ ਲੋੜ
ਫੁਲਟਾਈਮ, ਪਰਮਾਨੈਂਟ ਕਾਮਿਆਂ ਦੀ ਲੋੜ
- ਡਰਾਈਵਿੰਗ ਲਾਈਸੈਂਸ ਹੋਣਾ ਚਾਹੀਦਾ ਹੈ।
- ਕੰਮ ਕਰਨ ਦਾ ਥੋੜ੍ਹਾ-ਬਹੁਤ ਤਜਰਬਾ ਹੋਵੇ।
- ਤਨਖਾਹ 15.50 ਤੋਂ 16.50 ਡਾਲਰ ਪ੍ਰਤੀ ਘੰਟਾ ਦਿੱਤੀ ਜਾਵੇਗੀ।

ਹੁਣੇ ਅਪਲਾਈ ਕਰੋ: +1(416) 473-9677
info@worksmatch.com
www.worksmatch.com


ASIAN FOOD CENTRE
Dussehra & Navratri SALE
www.AsianFoodCentre.com
1ST OCT TO 17TH OCT 2021
Fresh Fruits, Vegetables, Indian & Canadian Grocery
$9.99 20LB GOLDEN TEMPLE ATTA (YELLOW BAG)
$9.99 EA TAJ ATTA
$10.99 20LB PILLSBURRY CHAKKI ATTA
$1.79 1G SAFFRON
$4.99 450GM RED LABEL MASALA TEA
$3.99 EA MOTHER DAIRY PANEER
$8.99 8LB ASIAN BASMATI RICE
$9.99 10LB INDIA GATE PREMIUM RICE
$6.99 9LB AFC SILVER RICE
$7.99 8LB AFC SELLA RICE
3 FOR $1 70GM MAGGI MASALA NOODLE
$1.99 5PC ASHOKA TANDOORI NAAN
$8.99 10LB VERKA BROWN SUGAR
$4.99 EA APNA TASTE GULAB JAMUN
$3.99 500ML KTC COCONUT OIL
$3.99 4LB ASIAN BESAN
$2.29 5PC DEEP PARATHA & NAAN
2 FOR $5 EA DEEP YOGURT
$4.99 800G POPULAR SOYA CHAAP
$9.99 216 BAGS TETLEY TEA
$7.49 900GM RED LABEL TEA
$4.99 220GM SENSO ASST PREMIX TEA
$8.49 216 BAGS TEA INDIA
$2.49 600GM CAVENDISH PATTIES
$1.79 250G HALDIRAM SOAN PAPDI
$7.99 EA BRAR RASMALAI
$5.99 1LTR DABUR MUSTARD OIL
$4.49 250GM MOTHER DAIRY MAKHANI
$3.49 800G INDIAN ROOHAFZA
$2.29 DEEP JEERA KHARI
$1.29 400G EMIRATES NEST PASTA
$3.99 550GM BRITANNIA PREMIUM CAKE RUSK
$1.79 (305 GM)EA BRITANNIA MILK & WHEAT RUSK
$2.99 560GM BRITANNIA MILK RUSK
$3.99 1L HEINZ TOMATO KETCHUP


Chapel Ridge
FUNERAL HOME
& CREMATION CENTRE
ਭਾਰਤੀ, ਪੰਜਾਬੀ ਅਤੇ ਸਿੱਖ ਭਾਈਚਾਰੇ ਲਈ ਮਾਰਖਮ,
ਰਿਚਮੰਡ ਹਿੱਲ ਅਤੇ ਸਕਾਰਬਰੋਅ ਅਤੇ ਆਸ ਪਾਸ ਇਲਾਕਿਆਂ
ਲਈ ਵਧੀਆ ਅਧੁਨਿਕ ਸੇਵਾਵਾਂ ਅਤ ਵਾਜਬ ਕੀਮਤ ਤੇ
ਫਿਊਨਰਲ ਸਰਵਿਸ ਦੀਆਂ ਸੇਵਾਵਾਂ ਲੈਣ ਲਈ ਸੰਪਰਕ ਕਰੋ
• ਅਸੀਂ ਪਿਛਲੇ 20 ਸਾਲ ਤੋਂ ਸਿੱਖ ਭਾਈਚਾਰੇ ਲਈ ਅੰਤਿਮ ਸੰਸਕਾਰ ਦੀ ਸਹੂਲਤ
• ਅੰਤਿਮ ਸੰਸਕਾਰ ਸੇਵਾਵਾਂ ਸਿੱਖ ਮਰਿਯਾਦਾ ਅਨੁਸਾਰ ਕੀਤੀਆਂ ਜਾਂਦੀਆਂ ਹਨ
• ਭਾਈਚਾਰੇ ਦੀ ਸਹੂਲਤ ਲਈ ਮਿਸੀਸਾਗਾ ਵਿੱਚ ਸ਼ਮਸ਼ਾਨ ਘਾਟ ਦੇ ਨਾਲ ਧਾਰਮਿਕ ਸੰਸਕਾਰਾਂ ਲਈ ਵਿਸ਼ਾਲ ਹਾਲ
2 ਘੰਟੇ ਦੇ ਲਈ ਵਿਸ਼ੇਸ਼ ਪੈਕੇਜ ਸਿਰਫ $4270 ਵਿੱਚ
ਜਿਸ ਵਿੱਚ ਕੈਸਕੇਟ (ਕਫ਼ਣ ਦਾ ਸਮਾਨ ਤੇ ਬੌਕਸ) ਸਾਰੇ ਲੋੜੀਂਦੇ ਦਾਸਤਵੇਜ਼ (ਡੈਥ ਸਰਟੀਫਿਕੇਟ) ਸਟਾਫ ਸਹੂਲਤ / ਵਾਹਨ ਫੀਸ / ਸਸਕਾਰ ਦੀ ਫੀਸ / ਗਵਾਹੀ ਫੀਸ, ਸਰਕਾਰੀ ਫੀਸ ਅਤੇ ਹੋਰ ਨਯਿਮਤਿ ਫੀਸਾਂ ਸ਼ਾਮਲ ਹਨ
ਸਰਕਾਰੀ ਲਾਇਸੈਂਸਸ਼ੁਦਾ ਫਿਊਨਰਲ ਹੋਮ
ਡਰਾਇਕਟਰ (ਨਿਰਦੇਸ਼ਕ) :ਸ: ਹਰਜਿੰਦਰ ਸਿੰਘ ਬਿਲਖੂ
647-966-0093
ਅਸੀਂ ਪੰਜਾਬੀ, ਹਿੰਦੀ, ਗੁਜਰਾਤੀ, ਉਰਦੂ ਅਤੇ ਸਵਾਹਿਲੀ ਭਾਸ਼ਵਾਂ ਬੋਲਦੇ ਹਾਂ
8911 Woodbine Ave., Markham (ਸਿਰਫ ਹਾਈਵੇ 7 ਤੋਂ 4 ਬਲਾਕ ਦੀ ਦੂਰੀ ਤ)
info@chapelridge fh.com • www.chapelridgefh.com


Other Realtors only Promise
But JAG AUJLA SOLD YOUR HOME WITH
GUARANTEE
Advertisement GUARANTEED Till SOLD
Top 1% Broker
Call For a Quick & Free Home Evaluation
www.BramptonQuickHomeEvaluation.com
JAG AUJLA
REAL ESTATE BROKER
DIR: 416-371-7777
j.aujla@rogers.com www.jagaujla.com
RE/MAX Realty Specialist Inc., Brokerage
(Independently Owned and Operated)
Off: 905-456-3232
www.BramptonTopRelator.com
ਘਰਾਂ ਦੀਆਂ ਨਵੀਆਂ ਲਿਸਟਿੰਗਾਂ (Listings) ਦੀ ਬਹੁਤ ਲੋੜ ਹੈ
CALEDON
BRAND NEW HOUSE FOR SALE ON ASSIGNMENT (IN CALEDON)
ਕੈਨੇਡੀ / ਦੂੱਗਲ
ਬਰੈਂਡ ਨੀਉ ਘਰ ਸੈਲ ਲਈ ਉਪਲਬੱਧ ਹੈ। ਲਗਭਗ 2800 ਸੁਕੇਅਰ ਫੁੱਟ ਏਰੀਆ ਅਤੇ 42 ਫੀਟ ਵਾਈਡ ਕਾਰਨਰ ਲਾਟ ਹੈ ਜਿਸ ਵਿੱਚ 4 ਬੈਡਰੂਮ ਅਤੇ 4 ਵਾਸ਼ਰੂਮ ਹਨ। ਮੇਨ ਫਲੋਰ 10 ਫੁੱਟ ਸਿਲਿੰਗ। ਡਾਇਨਿੰਗ ਰੂਮ ਉਪਰ ਨੂੰ ਖੁੱਲਾ ਹੈ ਅਤੇ 19 ਫੁੱਟ ਹਾਈ ਸਿਲਿੰਗ ਹੈ। ਹਾਰਡਵੁਡ ਫਲੋਰ, ਓਕ ਸਟਰੇਅਰਜ਼। ਅਪਗ੍ਰੇਡੇਡ ਕਿਚਨ ਅਤੇ ਕੁਆਰਟਜ਼ ਕਾਊਨਟਰ ਟਾਪ। ਮੈਨ ਫਲੋਰ ਲਾਂਡਰੀ ਹੈ।
ਵਧੇਰੀ ਜਾਣਕਾਰੀ ਲਈ ਜੇਗ ਔਜਲਾ ਨਾਲ 416-371-7777 ਤੇ ਸੰਪਰਕ ਕਰ ਸਕਦੇ ਹੋ।
BRAMPTON
$1,999,905 ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ 4551 ਸਕੇਅਰ ਫੁੱਟ, 60 ਫੁਟ ਦੀ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 5 ਬੈਡਰੂਮ, 5 ਵਾਸ਼ਰੂਮ, ਇਕ ਆਫਿਸ,ਅਪਗ੍ਰੇਡਡ ਕਿਚਨ ਵਿਦ ਕਾਊਂਟਰ ਟਾਪ, 3 ਬੈਡਰੂਮ ਦੀ ਫਿਨਿਸ਼ਡ ਬੇਸਮੈਂਟ ਵਿਦ ਸੈਪਰੇਟ ਐਂਟਰੈਂਸ ਹੈ। 9 ਫੁੱਟ ਦੀ ਸੀਲਿੰਗ, ਮੇਨ ਫਲੋਰ ਉਤੇ ਹਾਰਡਵੁੱਡ, ਸਟੇਨਡ ਓਕ ਸਟੇਅਰਕੇਸ, ਡਬਲ ਡੋਰ ਐਂਟਰੀ। ਦੂਸਰੀ ਮੰਜ਼ਲ ਉਤੇ ਲਾਉਂਡਰੀ। ਘਰ ਦੇ ਅੱਗੇ ਕੋਈ ਸਾਈਡ ਵਾਕ ਨਹੀਂ ਅਤੇ ਹੋਰ ਵੀ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ।
BRAMPTON
Sold, $1,280,000
$ 1,199,905 Bramlea Rd./Bovaird Dr.
2600 ਸਕੇਅਰ ਫੁੱਟ ਦਾ 45 ਫੁੱਟ ਦੀ ਲਾਟ ਦਾ ਡੀਟੈਚਡ ਘਰ, ਡਬਲ ਡੋਰ ਐਂਟਰੀ, 4 ਬੈਂਡਰੂਮ, 3 ਬੈਂਡਰੂਮ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, 2 ਲਾਂਡਰੀ, ਅਪਗ੍ਰੇਡਡ ਕਿਚਨ, ਅਪਗ੍ਰੇਡਡ ਰੂਫ ਅਤੇ ਵੁੱਡ ਫਲੋਰ ਤੇ ਹੋਰ ਸਾਰੀਆਂ ਸਹੂਲਤਾਂ ਦੇ ਨਜ਼ਦੀਕ।
ਜਿਆਦਾ ਜਾਣਕਾਰੀ ਲਈ ਸੰਪਰਕ ਕਰੋ: 416-371-7777
BRAMPTON
Sold, $ 835,000
$749,905
William /Vodden /Main
3 ਬੈਡਰੂਮ, 2 ਵਾਸ਼ਰੂਮ ਦਾ ਬਹੁਤ ਸੋਹਣਾ ਘਰ, ਜਿਸ ਵਿਚ 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, ਪਿਛਲੇ ਸਾਲ ਹੀ ਸਾਰਾ ਘਰ ਅਪਗ੍ਰੇਡ ਕੀਤਾ ਗਿਆ ਹੈ। ਸਕੂਲ, ਪਲਾਜ਼ਾ ਅਤੇ ਬੱਸ ਸਟਾਪ ਤੋਂ ਕੁੱਝ ਹੀ ਮਿੰਟਾਂ ਦੀ ਦੂਰੀ ਹੈ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨੇੜੇ।
BRAMPTON
Sold, $ 1,130,000
34 Winterfold Dr
CREDITVIEW & BOVAIRD
(MOUNT PLEASANT)
ਖੁੱਲ੍ਹਾ ਅਤੇ ਸ਼ਾਨਦਾਰ 2 ਮੇਨ ਐਂਟਰੈਂਸ ਵਾਲਾ ਘਰ, ਡਬਲ ਕਾਰ ਗਰਾਜ, ਓਪਨ ਕੰਸੈਪਟ ਕਿਚਨ ਬੈਕਸਪਲੈਸ ਦੇ ਨਾਲ, ਖੁੱਲ੍ਹਾ ਮਾਸਟਰ ਬੈਂਡਰੂਮ ਇਨਸੂਟ ਵਾਸ਼ਰੂਮ ਅਤੇ ਵਾਕਇਨ ਕਲਾਜ਼ਿਟ ਦੇ ਨਾਲ। 2 ਬੈਂਡਰੂਮ ਦੀ ਫਿਨਿਸ਼ਡ ਬੇਸਮੈਂਟ, ਖੁੱਲ੍ਹਾ ਡੁੱਲ੍ਹਾ ਬੈਕਯਾਰਡ। ਘਰ 2 ਵੱਖ-ਵੱਖ ਪਰਿਵਾਰਾਂ ਨੂੰ ਕਿਰਾਏ ਉਤੇ ਦਿੱਤਾ ਜਾ ਸਕਦਾ ਹੈ।
Sold, $ 2.3 M
Orangeville Ontario L9W3X5
Orangeville Dufferin ਦੇ ਏਰੀਆ ਵਿਚ 5780 ਸਕੇਅਰ ਫੁਟ ਦਾ ਆਟੋ ਬਾਡੀ ਸ਼ਾਪ 1 ਏਕੜ ਦੀ ਜਗ੍ਹਾ, 3 ਗਰਾਜ ਡੋਰ 15 ਫੁੱਟ ਉਚਾਈ, 4 ਵਾਸ਼ਰੂਮ, 100 + ਕਾਰ ਪਾਰਕਿੰਗ, ਅਗਲੇ ਹਿੱਸੇ ਵਿਚ ਆਟੋ ਬਾਡੀ, ਕਾਰ ਰਿਪੇਅਰ ਅਤੇ ਬੈਕ ਸਾਈਡ ਉਤੇ ਕੋਈ ਹੋਰ ਬਿਜਨਸ ਚੱਲ ਰਿਹਾ ਹੈ। ਜਿਆਦਾ ਜਾਣਕਾਰੀ ਲਈ ਸੰਪਰਕ ਕਰੋ 416-371-7777